ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

# ਸਾਂਝੀ ਸੋਚ

SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1742 | 16 May, 2024 Thursday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260




# ਅਕਾਲੀ ਦਲ ਨੇ ਰਵੀਕਰਨ ਕਾਹਲੋਂ ਨੂੰ ਅਕਾਲੀ ਦਲ ਚੋਂ ਕੱਢਿਆ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਕਾਲੀ ਦਲ ਦੇ ਸੀਨੀਅਰ ਆਗੂ ਤੇ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਚੋਣ ਲੜ ਰਹੇ ਡਾਕਟਰ ਦਿਲਜੀਤ ਸਿੰਘ ਚੀਮਾ ਨੇ ਟਵੀਟ ਕਰਕੇ ਦੱਸਿਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਡੇਰਾ ਬਾਬਾ ਨਾਨਕ ਵਿਧਾਨ ਸਭਾ ਇੰਚਾਰਜ ਰਵੀਕਰਨ ਸਿੰਘ ਕਾਹਲੋਂ ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਅਤੇ ਪਾਰਟੀ ਦੀ ਪਿੱਠ ਵਿੱਚ ਛੁਰਾ ਮਾਰਨ ਦੇ ਦੋਸ਼ ਵਿੱਚ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਕੱਢ ਦਿੱਤਾ ਹੈ। ਟਵੀਟ ਵਿੱਚ ਲਿਖਿਆ ਗਿਆ ਹੈ ਕਿ ਸੁਖਬੀਰ ਬਾਦਲ ਨੇ ਕਿਹਾ ਕਿ ਅਨੁਸ਼ਾਸਨਹੀਣਤਾ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਦੱਸਣ ਯੋਗ ਹੈ ਕਿ ਰਵੀਕਰਨ ਸਿੰਘ ਕਾਹਲੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮਰਹੂਮ ਆਗੂ ਨਿਰਮਲ ਸਿੰਘ ਕਾਹਲੋਂ ਦੇ ਸਪੁੱਤਰ ਹਨ।










# 4 ਜੂਨ ਤੋਂ ਬਾਅਦ ਇੰਡੀਆ ਗਠਜੋੜ ਦੀ ਬਣੇਗੀ ਸਰਕਾਰ -ਮਲਿਕਾਰਜੁਨ ਖੜਗੇ

**ਲਖਨਊ ਸਾਂਝੀ ਸੋਚ ਬਿਊਰੋ**

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਬੁੱਧਵਾਰ ਨੂੰ ਵੱਡਾ ਦਾਅਵਾ ਕੀਤਾ ਹੈ ਕਿ ਵਿਰੋਧੀ ਗੱਠਜੋੜ ਇੰਡੀਅਨ ਨੈਸ਼ਨਲ ਡਿਵੈਲਪਮੈਂਟ ਇਨਕਲੂਸਿਵ ਅਲਾਇੰਸ (ਇੰਡੀਆ) ਲੋਕ ਸਭਾ ਚੋਣਾਂ ਦੇ ਚਾਰ ਪੜਾਅ ਪੂਰੇ ਹੋਣ ਤੋਂ ਬਾਅਦ ਮਜ਼ਬੂਤ ਸਥਿਤੀ 'ਚ ਹੈ ਅਤੇ 4 ਜੂਨ ਤੋਂ ਬਾਅਦ ਇੰਡੀਆ ਦੀ ਸਰਕਾਰ ਬਣੇਗੀ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਅੱਜ ਰਾਜਧਾਨੀ ਲਖਨਊ ਵਿੱਚ ਇੱਕ ਸਾਂਝੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਮਲਿਕਾਰਜੁਨ ਖੜਗੇ ਨੇ ਕਿਹਾ ਕਿ ਦੇਸ਼ ਵਿੱਚ ਚੋਣਾਂ ਦੇ ਚਾਰ ਪੜਾਅ ਪੂਰੇ ਹੋ ਚੁੱਕੇ ਹਨ। ਵਿਰੋਧੀ ਗੱਠਜੋੜ, ਇੰਡੀਅਨ ਨੈਸ਼ਨਲ ਡਿਵੈਲਪਮੈਂਟ ਇਨਕਲੂਸਿਵ ਅਲਾਇੰਸ (ਇੰਡੀਆ) ਇੱਕ ਮਜ਼ਬੂਤ ਸਥਿਤੀ ਵਿੱਚ ਹੈ। ਮੈਂ ਪੂਰੇ ਵਿਸ਼ਵਾਸ ਨਾਲ ਕਹਿ ਸਕਦਾ ਹਾਂ ਕਿ ਭਾਰਤ ਦੇ ਲੋਕਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਾਣ ਦਾ ਫੈਸਲਾ ਕਰ ਲਿਆ ਹੈ। 4 ਜੂਨ ਨੂੰ 'ਭਾਰਤ' ਗੱਠਜੋੜ ਨਵੀਂ ਸਰਕਾਰ ਬਣਾਉਣ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸੱਤਾ ਦੀ ਗੱਲ ਕਰਦੇ ਹਨ ਪਰ ਉਹ ਵਾਰ-ਵਾਰ ਸੰਵਿਧਾਨ ਬਦਲਣ ਦੀ ਗੱਲ ਕਰਨ ਵਾਲਿਆਂ ਖਿਲਾਫ ਕਾਰਵਾਈ ਕਿਉਂ ਨਹੀਂ ਕਰਦੇ? ਮਲਿਕਾਰਜੁਨ ਖੜਗੇ ਨੇ ਕਿਹਾ ਕਿ ਇਹ ਦੇਸ਼ ਦੇ ਭਵਿੱਖ ਦੀ ਚੋਣ ਹੈ, ਇਹ ਸਾਰਿਆਂ ਦੇ ਅਧਿਕਾਰਾਂ ਨੂੰ ਬਚਾਉਣ ਦੀ ਚੋਣ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਭਵਿੱਖ ਨੂੰ ਬਚਾਉਣ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਜੇਕਰ ਲੋਕਤੰਤਰ ਨੂੰ ਬਚਾਉਣਾ ਹੈ ਤਾਂ ਸਾਰਿਆਂ ਨੂੰ ਇਕਜੁੱਟ ਹੋਣਾ ਪਵੇਗਾ। ਉਨ੍ਹਾਂ ਕਿਹਾ ਕਿ ਇਹ ਲੋਕਤੰਤਰ ਅਤੇ ਸੰਵਿਧਾਨ ਨੂੰ ਬਚਾਉਣ ਦੀ ਚੋਣ ਹੈ। ਅੱਜ ਦੇਸ਼ ਵਿਚ ਦੋ ਵਿਚਾਰਧਾਰਾਵਾਂ ਵਿਚਾਲੇ ਲੜਾਈ ਚੱਲ ਰਹੀ ਹੈ। ਇਕ ਪਾਸੇ ਗਰੀਬਾਂ ਲਈ ਲੜਨ ਵਾਲੀਆਂ ਪਾਰਟੀਆਂ ਹਨ। ਦੂਜੇ ਪਾਸੇ, ਉਹ ਲੋਕ ਹਨ ਜੋ ਅਮੀਰਾਂ ਦੇ ਪੱਖ ਵਿੱਚ ਖੜ੍ਹੇ ਹਨ। "ਸਾਡੀ ਲੜਾਈ ਗਰੀਬਾਂ ਦੇ ਪੱਖ ਵਿੱਚ ਹੈ ਜਿਨ੍ਹਾਂ ਨੂੰ ਭੋਜਨ ਨਹੀਂ ਮਿਲਦਾ ਅਤੇ ਨੌਕਰੀਆਂ ਨਹੀਂ ਮਿਲਦੀਆਂ। ਸਾਡਾ ਗੱਠਜੋੜ ਦੇਸ਼ ਵਿੱਚ ਫੈਲੀ ਬੇਰੁਜ਼ਗਾਰੀ ਅਤੇ ਮਹਿੰਗਾਈ ਵਿਰੁੱਧ ਇਹ ਲੜਾਈ ਲੜ ਰਿਹਾ ਹੈ। ਪ੍ਰੈਸ ਕਾਨਫਰੰਸ 'ਚ ਸਪਾ ਮੁਖੀ ਅਖਿਲੇਸ਼ ਯਾਦਵ ਨੇ ਦਾਅਵਾ ਕੀਤਾ ਕਿ ਵਿਰੋਧੀ ਗੱਠਜੋੜ 'ਇੰਡੀਆ' ਉੱਤਰ ਪ੍ਰਦੇਸ਼ 'ਚ 79 ਲੋਕ ਸਭਾ ਸੀਟਾਂ ਜਿੱਤੇਗਾ।












Space availabe for Ad
Contact #
+1 (209) 303-1260






# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS





Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com



ਡਾ. ਚਰਨਜੀਤ ਸਿੰਘ ਗੁਮਟਾਲਾ
ਡੇਟਨ, ਓਹਾਇਓ, ਯੂ.ਐਸ.ਏ
001 9375739812
ਵਟਸਐਪ 919417533060

# ਸਿੱਖ ਇਤਿਹਾਸ ਦਾ ਖ਼ੂਨੀ ਪੰਨਾ :ਛੋਟਾ ਘੱਲੂਘਾਰਾ

ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਘਲੂਘਾਰਾ ਦਾ ਮਤਲਬ ਹੈ ਤਬਾਹੀ,ਗ਼ਾਰਤੀ, ਸਰਵਨਾਸ਼ । ਉਨ੍ਹਾਂ ਅਨੁਸਾਰ 2 ਜੇਠ ਸੰਮਤ 1803 ਵਿਚ ਦੀਵਾਨ ਲਖਪਤ ਰਾਇ ਨਾਲ ਜੋ ਖਾਲਸੇ ਦੀ ਲੜਾਈ ਕਾਨੂੰਵਾਣ ਦੇ ਛੰਭ ਪਾਸ ਹੋਈ ਉਹ ਛੋਟਾ ਘਲੂਘਾਰਾ ਅਤੇ 28 ਮਾਘ ਸੰਮਤ1818 ( 5 ਫਰਵਰੀ 1762) ਨੂੰ ਅਹਿਮਦ ਸ਼ਾਹ ਦੁਰਾਨੀ ਨਾਲ ਰਾਇਪੁਰ ਗੁਜਰਵਾਲ ਪਾਸ ਕੁੱਪਰਹੀਕੇ ਦੇ ਮਕਾਮ ਹੋਈ ਉਹ ਵੱਡਾ ਘੱਲੂਘਾਰਾ ਸਿੱਖ ਇਤਿਹਾਸ ਵਿਚ ਪ੍ਰਸਿੱਧ ਹੈ ।



ਜਿੱਥੋਂ ਤੀਕ ਛੋਟੇ ਘੱਲੂਘਾਰੇ ਦਾ ਸਬੰਧ ਹੈ ,ਇਸ ਦੇ ਇਤਿਹਾਸਿਕ ਪਿਛੋਕੜ ‘ਤੇ ਜਦ ਅਸੀਂ ਝਾਤ ਪਾਉਂਦੇ ਹਾਂ ਤਾਂ ਪਤਾ ਲਗਦਾ ਹੈ ਕਿ 1 ਜੁਲਾਈ 1745 ਨੂੰ ਜ਼ਕਰੀਆ ਖ਼ਾਨ ਦੀ ਮੌਤ ਹੋ ਗਈ। ਉਸ ਦੇ ਤਿੰਨ ਪੁੱਤਰ ਸਨ ਤੇ ਤਿੰਨੋਂ ਹੀ ਆਪਣੇ ਆਪ ਨੂੰ ਯੋਗ ਵਾਰਸ ਸਮਝਦੇ ਸਨ। ਸਭ ਤੋਂ ਵੱਡੇ ਦਾ ਨਾਂ ਯਾਹੀਆ ਖ਼ਾਨ ਸੀ, ਦੂਜੇ ਦਾ ਹਿਯਾਤ ਉੱਲਾ ਖ਼ਾਨ (ਉਸ ਨੂੰ ਸ਼ਾਹਨਵਾਜ ਵੀ ਕਹਿੰਦੇ ਸਨ) ਤੇ ਤੀਸਰੇ ਦਾ ਨਾਮ ਮੀਰ ਬੱਕੀਯ ਸੀ।

ਯਹੀਆ ਖ਼ਾਨ ਨੇ ਤਾਕਤ ਹੱਥ ਵਿੱਚ ਲੈਂਦੇ ਸਾਰ ਹੀ ਦੀਵਾਨ ਲਖਪਤ ਰਾਇ ਨੂੰ ਦੀਵਾਨ ਥਾਪਿਆ ਜੋ ਕਿ ਜਸਪਤ ਰਾਇ ਦਾ ਵੱਡਾ ਭਰਾ ਸੀ। ਜਦ ਲਖਪਤ ਰਾਇ ਨੇ ਸਿੱਖਾਂ ਦਾ ਰੋੜੀ ਸਾਹਿਬ ਜੁੜਨਾ ਸੁਣਿਆ ਤਾਂ ਉਸ ਖ਼ਾਸ ਹਦਾਇਤਾਂ ਜਸਪਤ ਰਾਇ ਵੱਲ ਭੇਜੀਆਂ। ਜਸਪਤ ਰਾਇ ਨੇ ਇਕੱਠੇ ਸਿੱਖਾਂ ਉੱਤੇ ਹੱਲਾ ਕਰ ਦਿੱਤਾ। ਸਿੱਖ ਵੀ ਟਾਕਰੇ ‘ਤੇ ਡਟ ਗਏ। ਜਸਪਤ ਰਾਇ ਹਾਥੀ ਉੱਤੇ ਚੜ੍ਹਿਆ, ਫੌਜਾਂ ਨੂੰ ਹਮਲਾ ਕਰਨ ਦੇ ਹੁਕਮ ਦੇ ਰਿਹਾ ਸੀ ਕਿ ਭਾਈ ਨਿਬਾਹੂ ਸਿੰਘ ਨੇ ਅੱਗੇ ਵੱਧ ਕੇ ਜਸਪਤ ਰਾਇ ਉੱਤੇ ਹਮਲਾ ਕਰ ਦਿੱਤਾ। ਹਾਥੀ ਦੀ ਪੂਛ ਪਕੜ ਕੇ ਹੁੱਦੇ ਵਿੱਚ ਉਹ ਜਾ ਵੜਿਆ ਅਤੇ ਜਸਪਤ ਰਾਇ ਦਾ ਸਿਰ ਵੱਢ ਆਂਦਾ। ਸਿੰਘਾਂ ਸ਼ਹਿਰ ਵਿੱਚੋਂ ਰਸਦ ਪਾਣੀ ਲਿਆ ਲੰਗਰ ਚਲਾਏ ਅਤੇ ਅੱਗੇ ਚਲੇ ਗਏ। ਜਸਪਤ ਰਾਇ ਦਾ ਸਿਰ ਗੁਸਾਈਂ ਕਿਰਪਾ ਰਾਮ ਬਦੋਂਕੀ ਨੂੰ 500 ਰੁਪਏ ਲੈ ਕੇ ਵਾਪਸ ਕੀਤਾ।

ਲਖਪਤ ਰਾਇ ਨੇ ਜਦ ਜਸਪਤ ਰਾਇ ਦੀ ਮੌਤ ਦੀ ਖ਼ਬਰ ਸੁਣੀ ਤਾਂ ਲੋਹਾ ਲਾਖਾ ਹੋ ਗਿਆ। ਭਰੇ ਦਰਬਾਰ ਵਿੱਚ ਲਖਪਤ ਰਾਇ ਨੇ ਪੱਗੜੀ ਉਤਾਰੀ ਤੇ ਪਾਨ ਦਾ ਬੀੜਾ ਚੁੱਕ ਕੇ ਕਸਮ ਉਠਾਈ ਕਿ ਉਸ ਦਿਨ ਤੱਕ ਪੱਗੜੀ ਸਿਰ ਉੱਤੇ ਨਹੀਂ ਰੱਖਾਂਗਾ ਜਦ ਤੱਕ ਸਿੱਖਾਂ ਨੂੰ ਨਹੀਂ ਮੁਕਾ ਲੈਂਦਾ। ਨਵਾਬ ਯਾਹੀਆ ਖ਼ਾਨ ਨੇ ‘ਯਿਹ ਅੱਛੀ ਕਾਰ’ ਕਹਿ ਹੱਲਾ ਸ਼ੇਰੀ ਦਿੱਤੀ। ਆਪਣੇ ਕੰਮ ਦਾ ਅਰੰਭ ਕਰਨ ਲਈ ਲਾਹੌਰ ਸ਼ਹਿਰ ਦੇ ਸਾਰੇ ਵਸਨੀਕ ਸਿੱਖ ਪਕੜ ਮੰਗਾਏ ਤੇ 10 ਮਾਰਚ 1746 ਦੀ ਤਰੀਕ ਨਿਯਤ ਕੀਤੀ ਗਈ ਕਿ ਉਨ੍ਹਾਂ ਸਭਨਾਂ ਦੇ ਖੋਪਰ ਉਤਾਰ ਸ਼ਹੀਦ ਕਰ ਦਿੱਤਾ ਜਾਏ। ਐਸੀ ਭਿਆਨਕ ਖ਼ਬਰ ਸੁਣ ਕੇ ਸ਼ਹਿਰੀ ਪਤਵੰਤੇ ਹਿੰਦੂ, ਗੁਸਾਈਂ ਜਗਤ ਭਗਤ ਦੀਵਾਨ ਕੌੜਾ ਮਲ, ਦੀਵਾਨ ਲਛੀ ਰਾਮ, ਸੂਰਤ ਸਿੰਘ, ਦੀਵਾਨ ਦੇਸ ਰਾਜ, ਚੌਧਰੀ ਜਵਾਹਰ ਮੱਲ ਦੀ ਅਗਵਾਈ ਹੇਠਾਂ ਲਖਪਤ ਰਾਇ ਨੂੰ ਬੇਦੋਸਿਆਂ ਦੇ ਖ਼ੂਨ ਕਰਨ ਤੋਂ ਰੋਕਣ ਆਏ ਅਤੇ ਇੱਥੋਂ ਤੱਕ ਕਿਹਾ ਕਿ ਸਾਡੀ ਖ਼ਾਤਰ ਛੱਡ ਦਿਓ। ਉਨ੍ਹਾਂ ਇਹ ਵੀ ਕਿਹਾ ਕਿ 10 ਮਾਰਚ ਨੂੰ ਸੋਮਾਵਤੀ ਅਮਾਵਸ ਹੈ ਉਸ ਦਿਨ ਮਾਰਨਾ ਵੀ ਠੀਕ ਨਹੀਂ, ਪਰ ਉਸ ਆਖਿਆ ਕਿ ਜੇ ਰੱਬ ਵੀ ਕਹੇ ਤਾਂ ਵੀ ਨਹੀਂ ਛੱਡਾਂਗਾ।

ਜ਼ਕਰੀਆ ਖਾਂ ਨੇ ਡੱਲੇਵਾਲ ਦਾ ਕਿਲ੍ਹਾ ਢਾਹ ਦਿੱਤਾ ਸਿੱਖਾਂ ਨੂੰ ਚੁਣ ਚੁਣ ਕੇ ਮਾਰਿਆ ਗਿਆ। ਉਨ੍ਹਾਂ ਦੇ ਸਿਰਾਂ ਦੇ ਇਨਾਮ ਰਖੇ ਗਏ ।ਸੈਂਕੜੇ ਹੀ ਸਿੱਖ ਹੱਥਕੜੀਆਂ ਲਾ ਕੇ ਲਿਆਂਦੇ ਗਏ ਜਿੱਥੇ ਉਨ੍ਹਾਂ ਨੂੰ ਸ਼ਰੇਆਮ ਨਖਾਸ (ਘੋੜਾ ਮੰਡੀ) ਵਿੱਚ ਸਿਰ ਵੱਢ ਕੇ ਮਾਰ ਦਿੱਤਾ ਗਿਆ। ਇਸ ਥਾਂ ਦਾ ਨਾਂ ਮਗਰੋਂ ਸ਼ਹੀਦ ਗੰਜ਼ ਪੈ ਗਿਆ।

ਲਖਪਤ ਰਾਇ ਲਾਹੌਰ ਦੇ ਵਸਨੀਕਾਂ ਨੂੰ ਸ਼ਹੀਦ ਕਰਨ ਉਪਰੰਤ ਅੰਮ੍ਰਿਤਸਰ ਵੱਲ ਵਧਿਆ। ਅੰਮ੍ਰਿਤਸਰ ਵੀ ਇੱਕ ਦਮ ਫੌਜਾਂ ਦਾ ਹੱਲਾ ਹੋ ਜਾਣ ਕਾਰਨ ਸਿੱਖ ਟਿਕਾਣਿਆਂ ਵੱਲ ਨਾ ਜਾ ਸਕੇ। ਸਿੱਖਾਂ ਦੀ ਸੋਚ ਬਣੀ ਕਿ ਕਾਹਨੂੰਵਾਨ ਦੇ ਛੰਭਾਂ ਵੱਲ ਚਲਿਆ ਜਾਏ। ਕਾਹਨੂੰਵਾਨ ਦੇ ਛੰਭਾਂ ਵੱਲ ਜਾਂਦੇ ਹੀ ਰਸਤੇ ਵਿੱਚ ਫੌਜਾਂ ਨੇ ਰੋਕ ਪਾ ਕੇ ਸਿੱਖਾਂ ਦੀ ਵਹੀਰ ਦਾ ਮੂੰਹ ਰਾਵੀ ਵੱਲ ਕਰ ਦਿੱਤਾ। ਲਖਪਤ ਰਾਇ ਨੇ ਜੰਗਲ ਕਟਵਾਣੇ ਅਰੰਭ ਕਰ ਦਿੱਤੇ ਤੇ ਝਲ ਸਾੜ ਕੇ ਤੋਪਾਂ ਸੇਧ ਕੇ ਸਿੰਘਾਂ ‘ਤੇ ਚਲਾਈਆਂ।

ਸਿੰਘਾਂ ਫੈਸਲਾ ਕਰ ਲਿਆ ਕਿ ਝੱਲਾਂ ਵਿੱਚ ਲੁਕਿਆਂ ਸ਼ਹੀਦੀਆਂ ਲੈਣੀਆਂ ਠੀਕ ਨਹੀਂ। ਇਸ ਲਈ ਸੂਰਮੇ ਝੱਲਾਂ ਤੋਂ ਬਾਹਰ ਆ ਗਏ। ਪਰ ਕੁਝ ਵੱਡਿਆਂ ਨੇ ਸਲਾਹ ਦਿੱਤੀ ਕਿ ਤੁਹਾਡੀ ਕੁਰਬਾਨੀ ਅਥਾਹ ਹੈ ਪਰ ਸਿਆਣਪ ਇਸ ਵਿੱਚ ਹੈ ਕਿ ਦਾਅ ਨਾਲ ਲੜਿਆ ਜਾਏ। ਵਿਚਾਰ ਇਹ ਬਣੀ ਕਿ ਬਸੌਲੀ ਦੀਆਂ ਪਹਾੜੀਆਂ ਵਿੱਚ ਪਨਾਹ ਲਈ ਜਾਏ। ‘ਬਸੌਲੀ’ ਵਿੱਚ ਸਿੱਖਾਂ ਦਾ ਸਵਾਗਤ ਗੋਲੀਆਂ ਅਤੇ ਪੱਥਰਾਂ ਨਾਲ ਹੋਇਆ। ਸਿੱਖਾਂ ਨੇ ਆਪਣੇ ਆਪ ਨੂੰ ਚਾਰੇ ਪਾਸਿਓਂ ਘਿਰੇ ਹੋਏ ਪਾਇਆ ।ਇਹ ਵਿਚਾਰ ਬਣੀ ਕਿ ਇੱਕ ਜਥਾ ਪਹਾੜੀ ਚੜ੍ਹੇ, ਦੂਜਾ ਰਾਵੀ ਪਾਰ ਕਰੇ, ਭਾਈ ਸੁੱਖਾ ਸਿੰਘ ਮਾੜੀ ਕੰਬੋ ਦੀ ਅਗਵਾਈ ਹੇਠਾਂ ਲਖਪਤ ਰਾਇ ਦਾ ਟਾਕਰਾ ਕਰੇ।

ਕਈ ਪਹਾੜੀ ਚੜ੍ਹ ਗਏ ।ਦੂਜੇ ਪਾਸੇ ਰਾਵੀ ਲੰਘਣੀ ਇੱਕ ਔਖੀ ਗੱਲ ਹੋ ਗਈ। ਇਹ ਹੀ ਵਿਚਾਰ ਬਣੀ ਕਿ ਪੈਦਲ ਜਥੇ ਪਹਾੜੀਆਂ ਟੱਪ ਕੇ ਕੁਲੂ ਤੇ ਮੰਡੀ ਵੱਲ ਨਿਕਲ ਜਾਣ ਅਤੇ ਜੋ ਘੋੜਿਆਂ ਉੱਤੇ ਹਨ ਉਹ ਪਿੱਛੇ ਮੁੜ ਕੇ ਟਾਕਰਾ ਕਰਨ। ਇਸੇ ਤਰ੍ਹਾਂ ਕੁਝ ਤਾਂ ਪਹਾੜੀਆਂ ਉੱਤੇ ਚੜ੍ਹ ਗਏ ਤੇ ਮੁਸੀਬਤਾਂ ਝਾਗ ਕੇ ਤਕਰੀਬਨ ਛੇ ਮਹੀਨਿਆਂ ਉਪਰੰਤ ਕੀਰਤਪੁਰ ਆ ਸਿੱਖਾਂ ਨੂੰ ਮਿਲੇ। ਬਾਕੀ ਸਿੰਘ ਰਹਿ ਗਏ ਉਨ੍ਹਾਂ ਨਿਰਣਾ ਕੀਤਾ ਕਿ ਗੋਲਕਾਰ ਕਿਲ੍ਹੇ ਦੀ ਸ਼ਕਲ ਬਣਾ ਕੇ ਲਖਪਤ ਰਾਇ ਦੀਆਂ ਫੌਜਾਂ ‘ਤੇ ਹੱਲਾ ਬੋਲ ਦਿੱਤਾ ਜਾਏ। ਇੰਝ ਹੀ ਕੀਤਾ ਗਿਆ। ਨਵਾਬ ਕਪੂਰ ਸਿੰਘ ਜੀ ਅਗਵਾਈ ਕਰ ਰਹੇ ਸਨ, ਸਰਦਾਰ ਜੱਸਾ ਸਿੰਘ ਇੱਕ ਸਿਰੇ ਨੂੰ ਸਾਂਭ ਰਹੇ ਸਨ ਤੇ ਸਰਦਾਰ ਸੁੱਖਾ ਸਿੰਘ ਜੀ ਅੱਗੇ ਵੱਧ ਕੇ ਮੋਹਰਲਾ ਪੱਖ ਤੋੜ ਰਹੇ ਸਨ। ਨੇੜੇ ਹੀ ਸੀ ਕਿ ਸੁਰਦਾਰ ਸੁੱਖਾ ਸਿੰਘ ਲਖਪਤ ਰਾਇ ਨੂੰ ਮਾਰ ਮੁਕਾਉਂਦੇ ਕਿ ਉਨ੍ਹਾਂ ਦੇ ਘੋੜੇ ਨੂੰ ਤੋਪ ਦਾ ਇੱਕ ਐਸਾ ਗੋਲਾ ਲੱਗਾ ਕਿ ਉਹਨਾਂ ਦੀ ਲੱਤ ਸਖ਼ਤ ਜ਼ਖ਼ਮੀ ਹੋ ਗਈ ਤੇ ਉਹ ਪਿੱਛੇ ਹਟ ਗਏ। ਪਿੱਛੋਂ ਲੱਤ ਵੱਢ ਕੇ ਲੱਕੜ ਦੀ ਲਗਾਈ ਗਈ।

ਸਰਦਾਰ ਜੱਸਾ ਸਿੰਘ ਜੀ ਦੇ ਪੱਟ ਵਿੱਚ ਵੀ ਗੋਲੀ ਲੱਗੀ ਪਰ ਆਪ ਜੀ ਨੇ ਪੱਟ ਨੂੰ ਹੰਨੇ ਨਾਲ ਬੰਨ੍ਹ ਲਿਆ ਤੇ ਉਸੇ ਤਰ੍ਹਾਂ ਲੜਦੇ ਰਹੇ, ਜਿਵੇਂ ਸੱਟ ਲੱਗੀ ਹੀ ਨਹੀਂ ਹੁੰਦੀ। ਨਵਾਬ ਕਪੂਰ ਸਿੰਘ ਜੀ ਤੇ ਸਿੱਧਾ ਵਾਰ ਹੋਇਆ ਪਰ ਗੁਰੂ ਕ੍ਰਿਪਾ ਨਾਲ ਉਹ ਬਚ ਗਏ।

ਇਹ ਮਨਸੂਬਾ ਬਣਾਇਆ ਕਿ ਹੁਣ ਤਾਂ ਖਿੰਡ ਪੁੰਡ ਜਾਓ ਤੇ ਫਿਰ ਇਕੱਠੇ ਹੋ ਕੇ ਮਾਝੇ ਮੁੜ ਸ਼ੋਰ ਮਚਾਵੋ । ਇਹ ਘਟਨਾ ਪਹਿਲੀ ਜੂਨ 1746 ਨੂੰ ਹੋਈ। ਬਾਕੀ ਸਿੱਖ ਜੋ ਦੋ ਹਜ਼ਾਰ ਦੇ ਕਰੀਬ ਸਨ, ਪੂਰਬੀ ਕਿਨਾਰੇ ਤੋਂ ਰਾਵੀ ਪਾਰ ਕਰਕੇ ਰੇਤਲੇ ਮੈਦਾਨ ਵਿੱਚ ਨਿਕਲ ਗਏ। ਪਹਿਲੀ ਜੂਨ 1746ਨੂੰ ਛੋਟੇ ਘੱਲੂਘਾਰੇ ਦਾ ਅਰੰਭ ਸੀ ਤੇ ਦੁੱਖ ਭੁੱਖ ਦੀਆਂ ਮਾਰਾਂ ਸ਼ੁਰੂ ਹੋਈਆਂ ਸਨ। ਰੇਤਲੇ ਮੈਦਾਨਾਂ ਨੂੰ ਜੇਠ ਹਾੜ ਦੀਆਂ ਧੁੱਪਾਂ ਵਿੱਚ ਪਾਰ ਕਰਕੇ ਬਿਆਸ ਤੱਕ ਪੁੱਜਣਾ ਇੱਕ ਹੋਰ ਔਖੀ ਘਾਟੀ ਸੀ।

ਸਿੱਖਾਂ ਪਗੜੀਆਂ ਉਤਾਰ ਕੇ ਪੈਰਾਂ ਵਿੱਚ ਬੰਨ੍ਹੀਆਂ ਤੇ ਧੁੱਪਾਂ ਤਨ ਬਦਨ ਤੇ ਸਹਾਰਦੇ ਤੁਰੀ ਗਏ। ਸ੍ਰੀ ਹਰਿਗੋਬਿੰਦਪੁਰ ਦੇ ਲਾਗੇ ਤੋਂ ਬਿਆਸ ਪਾਰ ਕਰ ਗਏ। ਕਈ ਦਿਨਾਂ ਦੇ ਭੁੱਖੇ ਹੋਣ ਕਾਰਨ ਆਪਣੀਆਂ ਢਾਲਾਂ ਨੂੰ ਤਵੇ ਬਣਾ ਕੇ ਰੋਟੀਆਂ ਪਕਾਉਣ ਲੱਗੇ। ਅੱਗ ਦੀ ਥਾਂ ਤਪਦੀ ਰੇਤ ਵਿੱਚ ਢਾਲਾਂ ਗਰਮ ਕਰਨ ਲਈ ਰੱਖੀਆਂ ਤਾਂ ਕਿ ਢਾਲਾਂ ਉੱਤੇ ਰੋਟੀ ਪਕਾਈ ਜਾ ਸਕੇ। ਅਜੇ ਰੋਟੀਆਂ ਪਕਾਉਣ ਹੀ ਲੱਗੇ ਸਨ ਕਿ ਪਠਾਣਾਂ ਦੇ ਇੱਕ ਦਸਤੇ ਨੇ ਹਮਲਾ ਕਰ ਦਿੱਤਾ। ਉਹ ਪਠਾਣਾਂ ਨਾਲ ਸਿੱਝ ਸਕਦੇ ਸਨ ਪਰ ਉਨ੍ਹਾਂ ਨੂੰ ਇਹ ਖ਼ਬਰ ਵੀ ਪੁੱਜ ਚੁੱਕੀ ਸੀ ਕਿ ਲਖਪਤ ਰਾਇ ਫੌਜਾਂ ਨਾਲ ਪਿੱਛੇ ਆ ਰਿਹਾ ਹੈ। ਸਿੱਖ ਸਤਲੁਜ ਪਾਰ ਕਰਨ ਲਈ ਅਲੀਵਾਲ ਵੱਲ ਭੱਜ ਉਠੇ। ਸਤਲੁਜ ਪਾਰ ਕਰਕੇ ਮਾਲਵਾ ਦੀ ਧਰਤੀ ਜਾ ਪੁੱਜੇ। ਮਾਲਵੇ ਦੇ ਸਿੰਘਾਂ ਚੰਗੀ ਦੇਖਭਾਲ ਕੀਤੀ ਅਤੇ ਜਥਿਆਂ ਨੂੰ ਵੰਡ ਕੇ ਸੇਵਾ ਕੀਤੀ। ਜੈਤੋ-ਸਰਦਾਰ ਸੁੱਖਾ ਸਿੰਘ, ਕੋਟਕਪੂਰਾ-ਸਰਦਾਰ ਜੱਸਾ ਸਿੰਘ, ਵਿੰਝੂ ਕੇ-ਸਰਦਾਰ ਤਰਲੋਕ ਸਿੰਘ ਧਿੰਘ,ਦਯਾਲਪੁਰੇ-ਭਾਈ ਹਰੀ ਸਿੰਘ ਭੰਗੀ,ਬਠਿੰਡੇ-ਨਕਈ ਸਰਦਾਰ. ਦਮਦਮੇ ਸਾਹਿਬ-ਬਾਬਾ ਦੀਪ ਸਿੰਘ, ਨਵਾਬ ਕਪੂਰ ਸਿੰਘ-ਬਰਨਾਲੇ ਅਤੇ ਸਰਦਾਰ ਚੜ੍ਹਤ ਸਿੰਘ ਪੱਕੇ-ਪਥਰਾਲੇ।

ਇਸ ਤਰ੍ਹਾਂ ਖਿੰਡ ਕੇ ਕੁਝ ਦਿਨ ਕੱਟੇ। ਲਖਪਤ ਰਾਇ ਵੀ ਵਾਪਸ ਮੁੜ ਗਿਆ ਸੀ ਕਿਉਂਜੋ ਉਹ ਖਿਆਲ ਕਰਦਾ ਸੀ ਕਿ ਸਿੱਖਾਂ ਦੀ ਕਮਰ ਤੋੜ ਦਿੱਤੀ ਗਈ ਹੈ। ਨਾਲੇ ਲਾਹੌਰ ਦੇ ਹਾਲਾਤ ਮੁੜਨ ਦੀ ਪ੍ਰੇਰਨਾ ਕਰ ਰਹੇ ਸਨ। ਇਸ ਘੱਲੂ-ਘਾਰੇ ਵਿੱਚ 10,000 ਦੇ ਕਰੀਬ ਸਿੱਖਾਂ ਦਾ ਜਾਨੀ ਨੁਕਸਾਨ ਹੋਇਆ ਅਤੇ ਇਹ ਘੁੱਲੂਘਾਰਾ 30 ਜੂਨ ਤੱਕ ਹੁੰਦਾ ਰਿਹਾ। ਇਸ ਲੜਾਈ ਵਿੱਚ ਬਹੁਤ ਭਾਰੀ ਨੁਕਸਾਨ ਹੋਣ ਕਰਕੇ ਸਿੱਖ ਇਸ ਨੂੰ ਛੋਟਾ ਘੱਲੂਘਾਰਾ ਕਹਿੰਦੇ ਹਨ। ਕਈ ਸਿੱਖਾਂ ਦੇ ਸਿਰਾਂ ਦੇ ਗੱਡੇ ਭਰ ਕੇ ਲਖਪਤ ਰਾਇ ਲਾਹੌਰ ਲੈ ਗਿਆ। ਉੱਥੇ ਹੀ ਸਿਰਾਂ ਦਾ ਮੀਨਾਰ ਉਸਾਰਿਆ। ਕਈ ਸੌ ਜਿਊਂਦੇ ਵੀ ਪਕੜ ਕੇ ਲੈ ਗਿਆ ਅਤੇ ਉਹਨਾਂ ਨੂੰ ਘੋੜਿਆਂ ਦੀ ਮਾਰਕੀਟ (ਨਖਾਸ) ਦੇ ਲਾਗੇ ਸ਼ਹੀਦ ਕੀਤਾ, ਜਿਥੇ ਅੱਜ ਕੱਲ੍ਹ ਸ਼ਹੀਦ ਗੰਜ ਹੈ। ਇਸ ਘਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿਚ ਇਸ ਸਥਾਨ ‘ਤੇ ਗੁਰਦੁਆਰਾ ਬਣਾਇਆ ਗਿਆ ਹੈ।

ਇਸ ਪਹਿਲੇ ਘਲੂਘਾਰੇ ਦੌਰਾਨ ਉਜਾੜੇ ਗਏ 44 ਪਿੰਡਾਂ ਦੀ ਸੂਚੀ ਸਵਰਨ ਸਿੰਘ ਨੇ ਆਪਣੀ ਪੁਸਤਕ, ਪਹਿਲਾ ਘੱਲੂਘਾਰਾ( ਲੱਖੂ ਭੱਸੂ ਦੇ ਹੰਕਾਰ ਤੇ ਜ਼ਿੱਦ ਦਾ ਸਿੱਟਾ ), ਪ੍ਰਕਾਸ਼ਿਤ ਸਿੰਘ ਬ੍ਰਦਰਜ਼, ਅੰਮ੍ਰਿਤਸਰ ਵਿਚ ਦਿੱਤੀ ਹੈ।

ਹਵਾਲਾ ਪੁਸਤਕਾਂ :1 ਸਤਿਬੀਰ ਸਿੰਘ, ਪ੍ਰਿੰਸੀਪਲ, ਸਾਡਾ ਇਤਿਹਾਸ(ਭਾਗ ਦੂਜਾ), ਨਿਊ ਬੁੱਕ ਕੰਪਨੀ, ਮਾਈ ਹੀਰਾਂ ਗੇਟ, ਜਲੰਧਰ,2010.
2.ਖੁਸ਼ਵੰਤ ਸਿੰਘ,(ਅਨੁਵਾਦਕ ਡਾ. ਗੁਰਚਰਨ ਸਿੰਘ ਔਲਖ). ਸਿੱਖ ਇਤਿਹਾਸ ਭਾਗ ਪਹਿਲਾ(1469-1839), ਲਾਹੌਰ ਬੁੱਕ ਸ਼ਾਪ,ਲੁਧਿਆਣਾ,2013.
3 ਨਾਭਾ,ਭਾਈ ਕਾਨ੍ਹ ਸਿੰਘ, ਗੁਰੁਸ਼ਬਦ ਰਤਾਨਕਰ ਮਹਾਨ ਕੋਸ਼ , ਭਾਸ਼ਾ ਵਿਭਾਗ, ਪੰਜਾਬ,1990.

ARES REALTY
Residential | Commercial | Investment

Thinking
Of Selling Or
Buying A Home ?



ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR
Jassi Avtar : (916) 335-3760 License ID: 02192444
Alex Singh : (916) 582-4394 License ID: 02191925
Rupinder Dhaliwal ( Ruby ): (916) 764-2859 License ID: 01461487
Amarbir Takhar : (209) 277-9200 License ID: 02225690
Harpreet Singh : (510) 589-8409 License ID: 02194943
Roseleen Kumar : (916)802-4833 License ID: 02028063

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor License ID: 01901843


SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
REFFEL DRAWING FOR GOLD ITEM
AND MORE PRIZES
Free Entry
Free Parking
PHOTO & VIDEOGRAPHY BY
PAL FILMS
GRAND SPONSOR
CHINNA JEWELERS
FOR MORE INFO & PARTICIPATION CALL
SONIA WALIA 925-565-6058
PARAMJIT NOKWAL 925-323-2523
HARPREET SUTTI 925-465-3414


VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
PARWINDER PAL SINGH RATHAUR

### ਲੋਕ ਸਭਾ ਚੋਣਾਂ-2024

# ਪੰਜਾਬ ਵਿੱਚ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਤੋਂ ਬਾਅਦ 355 ਨਾਮਜ਼ਦਗੀਆਂ ਸਹੀ ਪਾਈਆਂ ਗਈਆਂ :ਸਿਬਿਨ ਸੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਹੈ ਕਿ ਲੋਕ ਸਭਾ ਚੋਣਾਂ-2024 ਲਈ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਤੋਂ ਬਾਅਦ 355 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ ਹਨ। ਜ਼ਿਕਰਯੋਗ ਹੈ ਕਿ 13 ਲੋਕ ਸਭਾ ਸੀਟਾਂ ਲਈ 7 ਮਈ ਤੋਂ 14 ਮਈ ਤੱਕ ਸੂਬੇ ਵਿੱਚ ਕੁੱਲ 466 ਉਮੀਦਵਾਰਾਂ ਨੇ 598 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ।



ਇਸ ਸਬੰਧ ਜਾਣਕਾਰੀ ਦਿੰਦਿਆ ਸਿਬਿਨ ਸੀ ਨੇ ਦੱਸਿਆ ਕਿ ਗੁਰਦਾਸਪੁਰ ਤੋਂ 40 ਉਮੀਦਵਾਰਾਂ ਨੇ 60 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 29 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ। ਅੰਮ੍ਰਿਤਸਰ ਤੋਂ 43 ਉਮੀਦਵਾਰਾਂ ਨੇ 53 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 33 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ। ਖਡੂਰ ਸਾਹਿਬ ਤੋਂ 35 ਉਮੀਦਵਾਰਾਂ ਨੇ 43 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 30 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ। ਜਲੰਧਰ ਤੋਂ 27 ਉਮੀਦਵਾਰਾਂ ਨੇ 35 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 20 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਹੋਏ ਹਨ। ਹੁਸ਼ਿਆਰਪੁਰ ਤੋਂ 23 ਉਮੀਦਵਾਰਾਂ ਨੇ 27 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 19 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਹੋਏ ਹਨ।ਆਨੰਦਪੁਰ ਸਾਹਿਬ ਤੋਂ 41 ਉਮੀਦਵਾਰਾਂ ਨੇ 56 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 29 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ। ਲੁਧਿਆਣਾ ਤੋਂ 57 ਉਮੀਦਵਾਰਾਂ ਨੇ 70 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 44 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ। ਫਤਿਹਗੜ੍ਹ ਸਾਹਿਬ ਤੋਂ 23 ਉਮੀਦਵਾਰਾਂ ਨੇ 33 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 15 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਹੋਏ ਹਨ। ਫਰੀਦਕੋਟ ਤੋਂ 34 ਉਮੀਦਵਾਰਾਂ ਨੇ 41 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 30 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ। ਫਿਰੋਜ਼ਪੁਰ ਤੋਂ 41 ਉਮੀਦਵਾਰਾਂ ਨੇ 48 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 33 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ। ਬਠਿੰਡਾ ਤੋਂ 30 ਉਮੀਦਵਾਰਾਂ ਨੇ 40 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 20 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ। ਸੰਗਰੂਰ ਤੋਂ 38 ਉਮੀਦਵਾਰਾਂ ਨੇ 43 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 26 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ। ਪਟਿਆਲਾ ਤੋਂ 34 ਉਮੀਦਵਾਰਾਂ ਨੇ 49 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 27 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ। ਸਿਬਿਨ ਸੀ ਨੇ ਦੱਸਿਆ ਕਿ 17 ਮਈ ਤੱਕ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਣਗੇ ਅਤੇ ਉਸ ਤੋਂ ਬਾਅਦ ਸਥਿਤੀ ਸਪਸ਼ਟ ਹੋ ਜਾਵੇਗੀ ਕਿ 13 ਲੋਕ ਸਭਾ ਸੀਟਾਂ ਲਈ ਕਿੰਨੇ ਉਮੀਦਵਾਰ ਚੋਣ ਮੈਦਾਨ ਵਿੱਚ ਹਨ।

### ਚਰਨਜੀਤ ਚੰਨੀ 'ਤੇ ਆਮ ਆਦਮੀ ਪਾਰਟੀ ਦਾ ਜਵਾਬੀ ਹਮਲਾ

# ਕਾਂਗਰਸ ਦੇ ਰਾਜ ਦੌਰਾਨ ਸ਼ਰਾਬ ਮਾਫ਼ੀਆ ਦਾ ਬੋਲਬਾਲਾ ਸੀ ਅਸੀਂ ਮਾਲੀਆ ਵਧਾਇਆ -ਹਰਪਾਲ ਚੀਮਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਪੰਜਾਬ ਦੀ ਆਬਕਾਰੀ ਨੀਤੀ 'ਤੇ ਦਿੱਤੇ ਬਿਆਨ 'ਤੇ ਆਮ ਆਦਮੀ ਪਾਰਟੀ ਨੇ ਪਲਟਵਾਰ ਕੀਤਾ ਹੈ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕਾਂਗਰਸ ਦੇ ਰਾਜ ਦੌਰਾਨ ਪੰਜਾਬ ਵਿੱਚ ਸ਼ਰਾਬ ਮਾਫ਼ੀਆ ਦਾ ਬੋਲਬਾਲਾ ਸੀ। 'ਆਪ' ਸਰਕਾਰ ਦੇ ਸੱਤਾ 'ਚ ਆਉਣ ਤੋਂ ਬਾਅਦ ਅਸੀਂ ਸ਼ਰਾਬ ਮਾਫ਼ੀਆ ਨੂੰ ਖ਼ਤਮ ਕੀਤਾ ਅਤੇ ਮਾਲੀਆ ਵਧਾਇਆ। ਹਰਪਾਲ ਚੀਮਾ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਬਹੁਤ ਸਾਰੇ ਸੁਧਾਰ ਦੇ ਕੰਮ ਕੀਤੇ ਗਏ। ਅਰਵਿੰਦ ਕੇਜਰੀਵਾਲ ਦੀ ਰਹਿਨੁਮਾਈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਕੁਸ਼ਲ ਅਗਵਾਈ ਸਦਕਾ ਪੰਜਾਬ ਸਰਕਾਰ ਦੇ ਮਾਲੀਏ ਵਿੱਚ ਕਈ ਗੁਣਾ ਵਾਧਾ ਹੋਇਆ ਹੈ। ਸ਼ਾਸਨ ਪ੍ਰਣਾਲੀ ਵਿੱਚ ਪਾਰਦਰਸ਼ਤਾ ਆਈ ਹੈ।

ਉਨ੍ਹਾਂ ਕਿਹਾ ਕਿ ਕਾਂਗਰਸ ਦੇ ਸਮੇਂ ਐਕਸਾਈਜ਼ ਤੋਂ 6000 ਕਰੋੜ ਰੁਪਏ ਦੀ ਆਮਦਨ ਹੁੰਦੀ ਸੀ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਇਹ ਵਧ ਕੇ 10000 ਕਰੋੜ ਰੁਪਏ ਹੋ ਗਈ ਹੈ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਦੇ ਪੰਜਾਬ ਦੌਰੇ ਤੋਂ ਵਿਰੋਧੀ ਪਾਰਟੀਆਂ ਡਰੀਆਂ ਹੋਈਆਂ ਹਨ ਕਿਉਂਕਿ ਪੰਜਾਬ ਦੇ ਲੋਕ ਅਰਵਿੰਦ ਕੇਜਰੀਵਾਲ ਨੂੰ ਬਹੁਤ ਪਸੰਦ ਕਰਦੇ ਹਨ। ਇੱਥੋਂ ਦੇ ਲੋਕ ਦਿੱਲੀ ਅਤੇ ਪੰਜਾਬ ਸਰਕਾਰਾਂ ਦੀਆਂ ਨੀਤੀਆਂ ਤੋਂ ਬਹੁਤ ਪ੍ਰਭਾਵਿਤ ਹਨ। ਇਸ ਲਈ ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਪਹਿਲੀ ਵਾਰ ਪੰਜਾਬ ਆ ਰਹੇ ਅਰਵਿੰਦ ਕੇਜਰੀਵਾਲ ਦੇ ਸਵਾਗਤ ਲਈ ਪੰਜਾਬ ਦੇ ਲੋਕ ਕਾਫ਼ੀ ਉਤਸ਼ਾਹਿਤ ਹਨ।

ਚੀਮਾ ਨੇ ਕਿਹਾ ਕਿ ਜਿਹੜੇ ਲੋਕ ਆਪਣੀ ਸਰਕਾਰ ਵੇਲੇ ਮਾਫ਼ੀਆ ਰਾਜ ਚਲਾਉਂਦੇ ਸਨ,ਉਨ੍ਹਾਂ ਲੋਕਾਂ ਨੂੰ ਭ੍ਰਿਸ਼ਟਾਚਾਰ ਦੀ ਗੱਲ ਸ਼ੋਭਾ ਨਹੀਂ ਦਿੰਦੀ। ਉਨ੍ਹਾਂ ਕਿਹਾ ਕਿ ਸਾਰਾ ਪੰਜਾਬ ਜਾਣਦਾ ਹੈ ਕਿ ਚਰਨਜੀਤ ਚੰਨੀ ਦੇ ਤਿੰਨ ਮਹੀਨੇ ਲਈ ਪੰਜਾਬ ਦੇ ਮੁੱਖ ਮੰਤਰੀ ਰਹਿੰਦਿਆਂ ਉਨ੍ਹਾਂ ਦੇ ਭਤੀਜੇ ਕੋਲੋਂ ਭ੍ਰਿਸ਼ਟਾਚਾਰ ਦੇ ਕਰੋੜਾਂ ਰੁਪਏ ਬਰਾਮਦ ਹੋਏ ਸੀ।

# ਇਸਲਾਮ ਕਬੂਲ ਕਰਨ ਲਈ ਬਣਾਇਆ ਜਾ ਰਿਹਾ ਹੈ ਪੰਜਾਬੀਆਂ 'ਤੇ ਦਬਾਅ ਪੰਜਾਬੀਆਂ ਦੀਆਂ ਧੀਆਂ ਨੂੰ ਕੀਤਾ ਜਾ ਰਿਹਾ ਹੈ ਅਗਵਾ

ਮਾਇਸਰਖਾਨਾ
ਸਾਂਝੀ ਸੋਚ ਬਿਊਰੋ

ਬੇਸ਼ਕ ਪੰਜਾਬ ਦੇ ਵਿਚ ਹਰ ਧਰਮ ਦੇ ਲੋਕ ਰਲਮਿਲ ਕੇ ਰਹਿੰਦੇ ਹਨ ਅਤੇ ਸਿੱਖ ਭਾਈਚਾਰਾ ਜੋ ਹਰ ਵਕਤ ਮੁਸੀਬਤ ਝੱਲਣ ਲਈ ਤਿਆਰ ਬਰ ਤਿਆਰ ਰਹਿੰਦਾ ਹੈ ਤੇ ਲੋਕਾਈ ਦੀ ਸੇਵਾ ਵਿਚ ਹਮੇਸ਼ਾ ਤਤਪਰ ਰਹਿੰਦਾ ਹੈ। ਜਦੋਂ ਵੀ ਕਦੇ, ਕਿਤੇ ਵੀ, ਕਿਸੇ ਵੀ ਭਾਈਚਾਰੇ ਤੇ ਮੁਸੀਬਤ ਬਣੀ ਸਿੱਖ ਭਾਈਚਾਰੇ ਨੇ ਡਟ ਕੇ ਉਸ ਭਾਈਚਾਰੇ ਦਾ ਸਾਥ ਦਿੱਤਾ ਹੈ। ਪਰ ਕਹਿੰਦੇ ਕਈ ਲੋਕ ਅਜਿਹੇ ਹੁੰਦੇ ਨੇ ਜੋ ਜਿਸ ਥਾਲੀ 'ਚ ਖਾਂਦੇ ਨੇ ਉਸੇ ਥਾਲੀ ਚ ਛੇਕ ਕਰ ਦਿੰਦੇ ਨੇ।ਜਿਸ ਨਾਲ ਪੂਰੀ ਕੌਮ ਬਦਨਾਮ ਹੁੰਦੀ ਹੈ।ਅਜਿਹਾ ਹੀ ਇੱਕ ਮਾਮਲਾ ਸਾਹਮਣੇ ਆਇਆ ਬਠਿੰਡਾ ਦੇ ਕਸਬਾ ਮਾਇਸਰ ਖਾਨਾ ਚ ਪੈਂਦੀ ਮਹੰਤਾਂ ਦੀ ਢਾਣੀ ਤੋਂ। ਇਥੇ ਰਹਿਣ ਵਾਲੇ ਰਣਧੀਰ ਸਿੰਘ ਨਾਲ ਜੋ ਹੋਇਆ ਉਹ ਸਿੱਖ ਜਗਤ ਵਾਸਤੇ ਚਿੰਤਾਦਾ ਵਿਸ਼ਾ ਬਣ ਗਿਆ ਹੈ। ਰਣਧੀਰ ਸਿੰਘ ਨੇ ਦੱਸਿਆ ਕਿ ਉਹ ਪੀਰੂ ਖਾਨ ਨਾਮ ਦੇ ਮਿਸਤਰੀ ਨਾਲ ਕੰਮ ਕਰਦਾ ਸੀ। ਪੀਰੂ ਖਾਨ ਸਮੇਂ ਸਮੇਂ ਤੇ ਰਣਧੀਰ ਸਿੰਘ ਨੂੰ ਇਸਲਾਮ ਕਬੂਲਣ ਵਾਸਤੇ ਕਹਿੰਦਾ ਰਹਿੰਦਾ ਸੀ ਤੇ ਰਣਧੀਰ ਸਿੰਘ ਬਾਰ ਬਾਰ ਉਸਨੂੰ ਮਨ੍ਹਾ ਕਰਦਾ ਰਹਿੰਦਾ ਸੀ, ਜੋ ਕਿ ਪੀਰੂ ਖਾਨ ਨੂੰ ਪਸੰਦ ਨਹੀਂ



ਆਉਂਦਾ ਸੀ। ਹੁਣ ਪਿਛਲੇ ਦਿਨੀ ਪੀਰੂ ਖਾਨ ਕਿਸੇ ਬਹਾਨੇ ਰਣਧੀਰ ਸਿੰਘ ਦੇ ਘਰ ਆਪਣੇ ਸਾਥੀਆਂ ਨਾਲ ਆਇਆ, ਤੇ ਕੋਕ ਵਿੱਚ ਨਸ਼ੀਲੀ ਦਵਾਈ ਪਾ ਕੇ ਪਰਿਵਾਰ ਨੂੰ ਬੇਹੋਸ਼ ਕਰਕੇ ਉਸਦੀ 15 ਸਾਲ ਦੀ ਬੱਚੀ ਨੂੰ ਅਗਵਾ ਕਰ ਕੇ ਲੈ ਗਿਆ। ਇਸ ਮਾਮਲੇ ਦੀ ਗੱਲ ਕਰੀਏ, ਪਹਿਲਾਂ ਤਾਂ ਸੁੱਖਵੀਰ ਸਿੰਘ ਮਾਇਸਰ ਖ਼ਾਨੇ ਦਾ ਨਾਮ ਵੀ ਇਸ ਮਾਮਲੇ ਨਾਲ ਜੁੜਿਆ ਹੋਇਆ ਹੈ, ਜੋ ਕਿ ਆਮ ਆਦਮੀ ਪਾਰਟੀ ਦਾ ਵਿਧਾਇਕ ਹੈ। ਉਸ ਦੇ ਰਸੂਖ ਦੇ ਚੱਲਦੇ ਪੁਲਿਸ ਕੇਸ ਦਰਜ ਕਰਨ ਤੋਂ ਮਨ੍ਹਾਂ ਕਰਦੀ ਰਹੀ, ਪਰ ਬਾਬਾ ਗੁਰਪ੍ਰੀਤ ਸਿੰਘ ਜੀ ਉਦਾਸੀ ਵੱਲੋਂ ਸੋਸ਼ਲ ਮੀਡੀਏ ਰਾਹੀਂ ਕੀਤੇ ਇਸ ਮੁੱਦੇ ਤੇ ਪ੍ਰਚਾਰ ਕਾਰਣ ਸਿੰਘਾਂ ਨੇ ਪੁਲਿਸ 'ਤੇ ਦਬਾਅ ਬਣਾਇਆ ਤੇ ਪੁਲਿਸ ਨੇ ਕੇਸ ਦਰਜ ਕਰ ਲਿਆ ਹੈ, ਜਿਸ ਤੋਂ ਬਾਅਦ ਪੁਲਿਸ ਹਰਕਤ ਵਿਚ ਆਈ ਤੇ ਬੱਚੀ ਨੂੰ ਮਾਲੇਰਕੋਟਲਾ ਕੋਲੋਂ ਬਰਾਮਦ ਕੀਤਾ ਗਿਆ ਹੈ। ਪੁਲਿਸ ਨੇ ਬੱਚੀ ਨੂੰ ਤਲਵੰਡੀ ਸਾਬੋ ਕੋਰਟ ਵਿਚ ਪੇਸ਼ ਕਰ ਬਿਆਨ ਦਰਜ ਕਰਕੇ ਬੱਚੀ ਮਾਪਿਆਂ ਦੇ ਹਵਾਲੇ ਕਰ ਦਿੱਤੀ ਹੈ। ਮਾਪਿਆਂ ਦਾ ਕਹਿਣਾ ਕਿ ਬੱਚੀ ਸਹੀ ਸਲਾਮਤ ਹੈ।ਹੁਣ ਸੋਚਣ ਵਾਲੀ ਗੱਲ ਇਹ ਹੈ ਕਿ ਇਹ ਪਹਿਲਾ ਕੇਸ ਨਹੀਂ ਸਗੋਂ ਹਜ਼ਾਰਾਂ ਵਿੱਚੋਂ ਇੱਕ ਕੇਸ ਹੈ । ਪਰ ਕੋਈ ਵੀ ਟਕਸਾਲ, ਨਿਹੰਗ ਜੱਥੇਬੰਦੀ, ਸੰਪ੍ਰਦਾਇ, ਸਿੱਖ ਜਥੇਬੰਦੀ ਇਸ ਮੁੱਦੇ ਤੇ ਅਵਾਜ਼ ਤੱਕ ਚੁੱਕਣ ਨੂੰ ਤਿਆਰ ਨਹੀ । ਇਹਨਾਂ ਨੂੰ ਰੋਕਣ ਦੀ ਬਜਾਏ ਇਹਨਾਂ ਨੂੰ ਗੁਰੂ ਘਰਾਂ ਵਿੱਚ ਰਿਫਤਾਰੀਆਂ, ਨਮਾਜ਼ਾਂ ਅਤੇ ਹੁਣ ਤੇ ਨਿਕਾਹ ਤੱਕ ਪੜ੍ਹਾਏ ਜਾ ਰਹੇ ਹਨ। ਇਕ ਪਾਸੇ ਵਕਫ ਬੋਰਡ ਦੇ ਨਾਮ 'ਤੇ ਪੰਜਾਬ ਦੀ 45% ਜ਼ਮੀਨ ਮੁਸਲਮਾਨ ਨੱਪੀ ਬੈਠੇ ਹਨ, ਦੂਸਰੇ ਪਾਸੇ ਮੌਲਵੀਆਂ ਨੇ ਅਰਬੀ ਦੇ ਨਾਮ 'ਤੇ ਕੁਰਾਨ ਪੜ੍ਹਾਉਣਾ, ਲਵ ਜਿਹਾਦ ਅਤੇ ਵਹਾਬੀ ਇਸਲਾਮ ਦਾ ਪੰਜਾਬ ਵਿੱਚ ਜਾਲ ਫੈਲਾਇਆ ਜਾ ਰਿਹਾ ਹੈ । ਜੇ ਇਹ ਸਭ ਕੁਝ ਨਾ ਰੁੱਕਿਆ ਤਾਂ ਸਾਡੇ ਤੇ ਸਵਾਲ ਚੁੱਕੇ ਜਾਣਗੇ ਕਿ ਜੋ ਸਿੱਖ ਆਪਣੀਆਂ ਧੀਆਂ ਪੰਜਾਬ ਵਿੱਚ ਹੀ ਨਹੀਂ ਬਚਾਅ ਸਕੇ ਉਹ ਅਫਗਾਨਿਸਤਾਨ ਵਿੱਚੋਂ ਹਿੰਦੂਆਂ ਦੀਆਂ ਧੀਆਂ ਬਚਾਉਣ ਵਾਲਾ ਝੂਠ ਹੀ ਬੋਲਦੇ ਹੋਣਗੇ ।

**ਰੱਬਾ ਇੰਨ੍ਹੇ ਜੋਗਾ ਕਰਦੇ ਕਿ ਲੋਕ ਕਹਿਣ ਇੰਨ੍ਹੇ ਜੋਗਾ ਕਿੱਥੇ ਸੀ...**

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO • HOME • TRUCK • BUSINESS • LIFE • MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਵ੍ਹਾਈਟ ਹਾਊਸ 'ਤੇ ਟਰੱਕ ਨਾਲ ਹਮਲਾ ਕਰਨ ਵਾਲੇ ਭਾਰਤੀ ਨੇ ਦੋਸ਼ ਕਬੂਲਿਆ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਅਟਾਰਨੀ ਅਨੁਸਾਰ ਅਮਰੀਕਾ 'ਚ ਸਥਾਈ ਨਿਵਾਸੀ ਦੇ ਤੌਰ 'ਤੇ ਰਹਿ ਰਹੇ ਇਕ ਭਾਰਤੀ ਨਾਗਰਿਕ ਨੇ ਕਿਰਾਏ ਦੇ ਟਰੱਕ ਨਾਲ ਵ੍ਹਾਈਟ ਹਾਊਸ 'ਤੇ ਹਮਲਾ ਕਰਨ ਦਾ ਅਪਰਾਧ ਸਵੀਕਾਰ ਕੀਤਾ ਹੈ। ਇਹ ਭਾਰਤੀ ਨਾਗਰਿਕ ਨਾਜ਼ੀ ਜਰਮਨੀ ਦੀ ਵਿਚਾਰਧਾਰਾ ਤੋਂ ਪ੍ਰੇਰਿਤ ਲੋਕਤੰਤਰੀ ਢੰਗ ਨਾਲ ਚੁਣੀ ਹੋਈ ਸਰਕਾਰ ਨੂੰ ਤਾਨਾਸ਼ਾਹੀ ਵਿਚ ਬਦਲਣ ਦੇ ਇਰਾਦੇ ਨਾਲ ਵ੍ਹਾਈਟ ਹਾਊਸ ਵਿਚ ਦਾਖਲ ਹੋਇਆ ਸੀ।

ਇਸਤਗਾਸਾ ਅਤੇ ਬਚਾਅ ਪੱਖ ਵਿਚਾਲੇ ਹੋਏ ਪਟੀਸ਼ਨ ਸਮਝੌਤੇ ਦੇ ਇੱਕ ਬਿਆਨ ਮੁਤਾਬਕ ਮਿਜ਼ੂਰੀ ਵਿਚ ਸੇਂਟ ਲੁਈਸ ਦੇ ਰਹਿਣ ਵਾਲੇ ਵਰਸ਼ਿਤ ਕੰਦੂਲਾ (20) ਨੇ ਵ੍ਹਾਈਟ ਹਾਊਸ ਕੰਪਲੈਕਸ ਵਿਚ ਕਿਰਾਏ ਦਾ ਇਕ ਟਰੱਕ ਦਾਖਲ ਕਰ ਦਿੱਤਾ ਅਤੇ ਰਾਜਨੀਤਿਕ ਸੱਤਾ ਹਥਿਆਉਣ ਲਈ ਵ੍ਹਾਈਟ ਹਾਊਸ ਤੱਕ ਪਹੁੰਚਣ ਦੀ ਯੋਜਨਾ ਬਣਾਈ। ਅਮਰੀਕੀ ਜ਼ਿਲ੍ਹਾ ਅਦਾਲਤ ਦੇ ਜੱਜ ਡਾਬਨੀ ਐੱਲ਼ ਫਰੈਡਰਿਕ ਨੇ ਕੰਦੂਲਾ ਦੀ ਸਜ਼ਾ ਲਈ 23 ਅਗਸਤ ਤੈਅ




ਕੀਤੀ ਹੈ। ਅਮਰੀਕੀ ਅਟਾਰਨੀ ਮੈਥਿਊ ਗ੍ਰੇਵਜ਼ ਨੇ ਸੋਮਵਾਰ ਨੂੰ ਕਿਹਾ ਕਿ ਕੰਦੂਲਾ ਦਾ ਇਰਾਦਾ ਇੱਕ ਜਮਹੂਰੀ ਤੌਰ 'ਤੇ ਚੁਣੀ ਗਈ ਸਰਕਾਰ ਨੂੰ ਨਾਜ਼ੀ ਜਰਮਨੀ ਦੀ ਵਿਚਾਰਧਾਰਾ ਤੋਂ ਪ੍ਰੇਰਿਤ ਤਾਨਾਸ਼ਾਹੀ ਸਰਕਾਰ ਵਿਚ ਬਦਲਣਾ ਅਤੇ ਆਪਣੇ ਆਪ ਨੂੰ ਅਮਰੀਕਾ ਦਾ ਸਰਵਉੱਚ ਨੇਤਾ ਬਣਾਉਣਾ ਸੀ। ਨਿਆਂ ਵਿਭਾਗ ਨੇ ਕਿਹਾ ਕਿ ਕੰਦੂਲਾ ਨੇ ਜਾਂਚਕਰਤਾਵਾਂ ਨੂੰ ਮੰਨਿਆ ਕਿ ਉਹ ਆਪਣੇ ਉਦੇਸ਼ ਨੂੰ ਪ੍ਰਾਪਤ ਕਰਨ ਲਈ ਲੋੜ ਪੈਣ 'ਤੇ ਅਮਰੀਕੀ ਰਾਸ਼ਟਰਪਤੀ ਅਤੇ ਹੋਰਾਂ ਦੀ ਹੱਤਿਆ ਦਾ ਪ੍ਰਬੰਧ ਕਰਨ ਲਈ ਤਿਆਰ ਸੀ।

ਵਿਭਾਗ ਨੇ ਕਿਹਾ ਕਿ ਉਸ ਦੀਆਂ ਕਾਰਵਾਈਆਂ ਦਾ ਉਦੇਸ਼ ਡਰਾਵੇ ਜਾਂ ਦਬਾਅ ਰਾਹੀਂ ਸਰਕਾਰ ਦੇ ਕੰਮਕਾਜ ਨੂੰ ਪ੍ਰਭਾਵਿਤ ਕਰਨਾ ਸੀ। ਅਦਾਲਤੀ ਦਸਤਾਵੇਜ਼ਾਂ ਅਨੁਸਾਰ ਕੰਦੂਲਾ 22 ਮਈ, 2023 ਦੀ ਦੁਪਹਿਰ ਨੂੰ ਵਾਸ਼ਿੰਗਟਨ ਡੀ.ਸੀ. ਲਈ ਵਪਾਰਕ ਉਡਾਣ ਰਾਹੀਂ ਸੇਂਟ ਲੁਈਸ, ਮਿਜ਼ੂਰੀ ਤੋਂ ਰਵਾਨਾ ਹੋਇਆ। ਕੰਦੂਲਾ ਸ਼ਾਮ 5:20 ਵਜੇ ਦੇ ਕਰੀਬ ਡੈਲਸ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚਿਆ ਅਤੇ ਸ਼ਾਮ 6:30 ਵਜੇ ਇਕ ਟਰੱਕ ਕਿਰਾਏ 'ਤੇ ਲਿਆ। ਉਹ ਭੋਜਨ ਅਤੇ ਗੈਸ ਲਈ ਰੁੱਕਿਆ ਅਤੇ ਫਿਰ ਵਾਸ਼ਿੰਗਟਨ ਡੀ.ਸੀ. ਲਈ ਚਲਾ ਗਿਆ, ਜਿੱਥੇ ਰਾਤ 9:35 ਵਜੇ ਉਸਨੇ ਵ੍ਹਾਈਟ ਹਾਊਸ ਦੇ ਬਾਹਰ ਬੈਰੀਅਰਾਂ ਨਾਲ ਟਰੱਕ ਨੂੰ ਟੱਕਰ ਮਾਰ ਦਿੱਤੀ।

# ਚਾਰ ਲੱਖ ਦੇ ਕਰੀਬ ਪ੍ਰਵਾਸੀਆਂ ਨੇ ਕੈਨੇਡੀਅਨ ਸਿਟੀਜ਼ਨਸ਼ਿਪ ਕੀਤੀ ਹਾਸਲ

ਸਰੀ(ਕੈਨੇਡਾ)
ਸਾਂਝੀ ਸੋਚ ਬਿਊਰੋ

ਕੈਨੇਡਾ ਵਿਚ 'ਸਿਟੀਜ਼ਨਸ਼ਿਪ ਵੀਕ' ਆਰੰਭ ਹੋ ਚੁੱਕਾ ਹੈ ਅਤੇ ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਦੱਸਿਆ ਕਿ 1 ਅਪ੍ਰੈਲ 2023 ਤੋਂ 31 ਮਾਰਚ 2024 ਦਰਮਿਆਨ 393,500 ਪ੍ਰਵਾਸੀਆਂ ਨੇ ਮੁਲਕ ਦੀ ਨਾਗਰਿਕਤਾ ਹਾਸਲ ਕੀਤੀ ਅਤੇ ਇਨ੍ਹਾਂ ਵਿਚੋਂ ਸਭ ਤੋਂ ਅੱਗੇ ਭਾਰਤੀ ਰਹੇ। ਇਮੀਗ੍ਰੇਸ਼ਨ ਮੰਤਰੀ ਨੇ ਨਾਗਰਿਕਤਾ ਹਫ਼ਤੇ ਦੀ ਸ਼ੁਰੂਆਤ ਕਰਦਿਆਂ ਵੱਖ-ਵੱਖ ਸ਼ਹਿਰਾਂ ਵਿਚ ਨਵੇਂ ਨਾਗਰਿਕਾਂ ਨੂੰ ਸਹੁੰ ਚੁਕਾਉਣ ਦੀ ਰਸਮ ਅਦਾ ਕੀਤੀ। ਇਮੀਗ੍ਰੇਸ਼ਨ ਮਾਹਰਾਂ ਮੁਤਾਬਕ ਕੈਨੇਡਾ ਸਰਕਾਰ ਵੱਲੋਂ ਮੌਜੂਦਾ ਵਿੱਤੀ ਵਰ੍ਹੇ ਦੌਰਾਨ 4 ਲੱਖ ਤੋਂ ਵੱਧ ਪ੍ਰਵਾਸੀਆਂ ਨੂੰ ਸਿਟੀਜ਼ਨਸ਼ਿਪ ਦੇਣ ਦਾ ਟੀਚਾ ਮਿੱਥਿਆ ਗਿਆ ਹੈ।

ਸਰੀ ਵਿਖੇ 40 ਨਵੇਂ ਨਾਗਰਿਕਾਂ ਨੂੰ ਸਹੁੰ ਚੁਕਾਉਂਦਿਆਂ ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਕਿਹਾ ਕਿ ਕਮਿਊਨਿਟੀ ਲਗਾਤਾਰ ਵਧ-ਫੁੱਲ ਰਹੀ ਹੈ ਅਤੇ ਹਰ ਕੈਨੇਡੀਅਨ ਸਿਟੀਜ਼ਨ ਨੂੰ ਨਵੇਂ ਨਾਗਰਿਕਾਂ ਦਾ ਜ਼ੋਰਦਾਰ ਸਵਾਗਤ ਕਰਨਾ ਚਾਹੀਦਾ ਹੈ। ਪ੍ਰਵਾਸੀ ਆਪਣੇ ਸੁਪਨੇ ਸੱਚ ਕਰਨ ਦੇ ਮਕਸਦ ਨਾਲ ਕੈਨੇਡਾ ਆਉਂਦੇ ਹਨ ਅਤੇ ਕੋਈ ਨਹੀਂ ਚਾਹੁੰਦਾ ਕਿ ਉਸ ਦੀ ਜ਼ਿੰਦਗੀ ਪਹਿਲਾਂ ਵਾਲੇ ਪੱਧਰ 'ਤੇ ਹੀ ਠਹਿਰ ਜਾਵੇ। ਕੈਨੇਡਾ ਨੂੰ ਆਪਣਾ ਨਵਾਂ ਘਰ ਬਣਾਉਣ ਵਾਲੇ ਪ੍ਰਵਾਸੀ ਤਰੱਕੀ ਕਰਨਗੇ, ਤਾਂ ਸਾਡਾ ਮੁਲਕ ਵਿਚ ਅੱਗੇ ਵਧੇਗਾ। ਤਕਰੀਬਨ ਦੋ ਘੰਟੇ ਤੱਕ ਚੱਲੇ ਸਮਾਗਮ ਦੌਰਾਨ ਸਰੀ-ਨਿਊਟਨ ਤੋਂ ਐੱਮ.ਪੀ. ਸੁੱਖ ਧਾਲੀਵਾਲ ਨੇ ਕਿਹਾ



ਕਿ ਨਵੇਂ ਬਣੇ ਨਾਗਰਿਕਾਂ ਦੀ ਜ਼ਿੰਦਗੀ ਲਈ ਇਹ ਦਿਨ ਬੇਹੱਦ ਖਾਸ ਹੈ ਅਤੇ 1987 ਵਿਚ ਉਨ੍ਹਾਂ ਨੂੰ ਵੀ ਕੈਨੇਡੀਅਨ ਨਾਗਰਿਕਤਾ ਹਾਸਲ ਕਰਦਿਆਂ ਬੇਹੱਦ ਖੁਸ਼ੀ ਮਹਿਸੂਸ ਹੋਈ। ਸੁੱਖ ਧਾਲੀਵਾਲ ਨੇ ਅੱਗੇ ਕਿਹਾ ਕਿ ਕੈਨੇਡੀਅਨ ਸਿਟੀਜ਼ਨ ਵਜੋਂ ਸਹੁੰ ਚੁੱਕਣੀ ਲਾਜ਼ਮੀ ਹੈ ਪਰ ਇਸ ਦੀ ਅਹਿਮੀਅਤ ਲਫਜ਼ਾਂ ਤੋਂ ਕਿਤੇ ਉਪਰ ਹੈ। ਬਤੌਰ ਕੈਨੇਡੀਅਨ ਨਾਗਰਿਕ ਹਰ ਸ਼ਖਸ ਦੀਆਂ ਸਮਾਜਿਕ ਜ਼ਿੰਮੇਵਾਰੀਆਂ ਤਨਦੇਹੀ ਨਾਲ ਨਿਭਾਉਣ ਪ੍ਰਤੀ ਵਚਨਬੱਧ ਹੁੰਦਾ ਹੈ ਅਤੇ ਵੰਨ ਸੁਵੰਨੇ ਸੱਭਿਆਚਾਰ ਵਾਲੇ ਲੋਕਤੰਤਰੀ ਮੁਲਕ ਵਿਚ ਉਸ ਨੂੰ ਹਰ ਹੱਕ ਮਿਲ ਜਾਂਦਾ ਹੈ।

ਇੱਥੇ ਦੱਸਣਾ ਬਣਦਾ ਹੈ ਕਿ ਕੈਨੇਡਾ ਸਰਕਾਰ ਵੱਲੋਂ ਮੌਜੂਦਾ ਵਰ੍ਹੇ ਦੌਰਾਨ 4 ਲੱਖ 85 ਹਜ਼ਾਰ ਨਵੇਂ ਪ੍ਰਵਾਸੀਆਂ ਨੂੰ ਸੱਦਣ ਦਾ ਟੀਚਾ ਮਿੱਥਿਆ ਗਿਆ ਹੈ, ਜਦਕਿ 2025 ਵਿਚ ਇਹ ਅੰਕੜਾ 5 ਲੱਖ ਤੋਂ ਟੱਪ ਜਾਵੇਗਾ। ਨਾਗਰਿਕਤਾ ਹਾਸਲ ਕਰਨ ਵਾਲਿਆਂ ਦਾ ਜ਼ਿਕਰ ਕੀਤਾ ਜਾਵੇ, ਤਾਂ 2022-23 ਦੌਰਾਨ 3 ਲੱਖ 74 ਹਜ਼ਾਰ ਪ੍ਰਵਾਸੀਆਂ ਨੇ ਕੈਨੇਡੀਅਨ ਸਿਟੀਜ਼ਨਸ਼ਿਪ ਹਾਸਲ ਕੀਤੀ ਅਤੇ ਇਨ੍ਹਾਂ ਵਿਚੋਂ 59,503 ਦੇ ਅੰਕੜੇ ਨਾਲ ਭਾਰਤੀ ਸਭ ਤੋਂ ਅੱਗੇ ਰਹੇ। ਫਿਲੀਪੀਨਜ਼ ਨਾਲ ਸਬੰਧਤ 41,540 ਪ੍ਰਵਾਸੀਆਂ ਨੇ ਕੈਨੇਡੀਅਨ ਨਾਗਰਿਕਤਾ ਹਾਸਲ ਕੀਤੀ, ਜਦਕਿ ਰਫਿਊਜੀ ਦੇ ਰੂਪ ਵਿਚ ਸੀਰੀਆ ਤੋਂ ਆਏ 20,355 ਜਣੇ ਕੈਨੇਡੀਅਨ ਸਿਟੀਜ਼ਨ ਬਣ ਗਏ।

ਤਾਜ਼ਾ ਅੰਕੜਿਆਂ 'ਚ ਇਮੀਗ੍ਰੇਸ਼ਨ ਮੰਤਰੀ ਵੱਲੋਂ ਮੁਲਕਾਂ ਦੇ ਆਧਾਰ 'ਤੇ ਵੇਰਵੇ ਨਸ਼ਰ ਨਹੀਂ ਕੀਤੇ ਗਏ ਪਰ ਮੰਨਿਆ ਜਾ ਰਿਹਾ ਹੈ ਕਿ ਇਸ ਵਾਰ ਵੀ ਬਾਜ਼ੀ ਭਾਰਤੀ ਲੋਕਾਂ ਦੇ ਹੱਥ ਰਹੀ। ਦੂਜੇ ਪਾਸੇ 32 ਸਾਲ ਪਹਿਲਾਂ ਕੈਨੇਡੀਅਨ ਨਾਗਰਿਕਤਾ ਹਾਸਲ ਕਰਨ ਵਾਲੀ ਇਕ ਔਰਤ ਦੀ ਸਿਟੀਜ਼ਨਸ਼ਿਪ ਰੱਦ ਕਰ ਦਿਤੀ ਗਈ। ਓਨਟਾਰੀਓ ਦੇ ਅਜੈਕਸ ਵਿਖੇ ਰਹਿ ਰਹੀ ਐਰੀਅਲ ਟਾਊਨਸੈਂਡ ਨੇ 1992 ਵਿਚ ਸਿਟੀਜ਼ਨਸ਼ਿਪ ਹਾਸਲ ਕੀਤੀ ਪਰ ਇਮੀਗ੍ਰੇਸ਼ਨ ਵਿਭਾਗ ਦੇ ਫ਼ੈਸਲੇ ਮੁਤਾਬਕ ਉਸ ਨੂੰ ਗ਼ਲਤੀ ਨਾਲ ਕੈਨੇਡੀਅਨ ਨਾਗਰਿਕਤਾ ਮਿਲ ਗਈ। ਐਰੀਅਲ ਨੂੰ ਮੁੜ ਸਿਟੀਜ਼ਨਸ਼ਿਪ ਹਾਸਲ ਕਰਨ ਲਈ ਹਜ਼ਾਰਾਂ ਡਾਲਰ ਖਰਚ ਕਰਨੇ ਪੈ ਸਕਦੇ ਹਨ।

# ਅੰਮ੍ਰਿਤਪਾਲ ਸਿੰਘ ਬੰਦੀ ਸਿੱਖਾਂ ਦੀ ਲੜਾਈ ਨਹੀਂ ਖੁਦ ਨੂੰ ਛੁਡਾਉਣ ਵਾਸਤੇ ਚੋਣ ਲੜ ਰਿਹੈ :ਸੁਖਬੀਰ ਬਾਦਲ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਲੋਕ ਸਭਾ ਚੋਣਾਂ 2024 ਦੇ ਵਿੱਚ ਪੰਜਾਬ ਦੀਆਂ ਪੰਥਕ ਸੀਟਾਂ ਦੇ ਵਿੱਚੋਂ ਇੱਕ ਗਿਣੀ ਜਾਂਦੀ ਖਡੂਰ ਸਾਹਿਬ ਸੀਟ ਤੇ ਚੋਣ ਅਖਾੜਾ ਕਾਫੀ ਭਖਿਆ ਹੋਇਆ ਨਜ਼ਰ ਆ ਰਿਹਾ ਹੈ । ਇਸ ਦੌਰਾਨ ਜਿੱਥੇ ਬੀਤੇ ਆਸਾਮ ਦੀ ਡਿੱਬਰੂਗੜ੍ਹ ਜੇਲ ਦੇ ਵਿੱਚ ਐਨਐਸਏ ਤਹਿਤ ਬੰਦ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਚੋਣ ਲੜਨ ਦਾ ਐਲਾਨ ਕਰ ਦਿੱਤਾ ਗਿਆ ਤਾਂ ਉਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵਿਰਸਾ ਸਿੰਘ ਵਲਟੋਹਾ ਅਤੇ ਭਾਈ ਅੰਮ੍ਰਿਤਪਾਲ ਸਿੰਘਦੇ ਪਰਿਵਾਰ ਦੇ ਦਰਮਿਆਨ ਸ਼ਬਦੀ ਸਵਾਲ ਜਵਾਬ ਲਗਾਤਾਰ ਸਾਹਮਣੇ ਆ ਰਹੇ ਹਨ।

ਅੱਜ ਸ਼੍ਰੋਮਣੀ ਅਕਾਲੀ ਦਲ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਉਮੀਦਵਾਰ ਵਿਰਸਾ ਸਿੰਘ ਵਲਟੋਹਾ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਦੇ ਲਈ ਵੱਖ-ਵੱਖ ਹਲਕਿਆਂ ਦੇ ਵਿੱਚ ਪੁੱਜੇ।

ਇਸੇ ਲੜੀ ਦੇ ਤਹਿਤ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਅਤੇ ਉਸ ਤੋਂ ਬਾਅਦ ਵਿਧਾਨ ਸਭਾ ਹਲਕਾ ਜੰਡਿਆਲਾ ਦੇ ਵਿੱਚ ਰੱਖੀ ਰੈਲੀ ਦੌਰਾਨ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਵਿਰੋਧੀ ਧਿਰਾਂ ਦੇ ਉੱਤੇ ਤਿੱਖੇ ਸ਼ਬਦੀ ਹਮਲੇ ਕੀਤੇ ਗਏ ਹਨ। ਇਸ ਦੇ ਨਾਲ ਹੀ ਇਸ ਸੀਟ ਦੇ ਬਤੌਰ ਆਜ਼ਾਦ ਉਮੀਦਵਾਰ ਚੋਣ ਲੜ ਰਹੇ ਅੰਮ੍ਰਿਤਪਾਲ ਸਿੰਘ ਨੂੰ ਲੈ ਕੇ ਉਹਨਾਂ ਵੱਲੋਂ ਕਾਫੀ ਟਿੱਪਣੀਆਂ ਕੀਤੀਆਂ ਗਈਆਂ ਹਨ।ਸਟੇਜ ਤੋਂ ਸੰਬੋਧਨ




ਦੌਰਾਨ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਇੱਕ ਸਾਲ ਪਹਿਲਾਂ ਜਹਾਜ ਤੋਂ ਉੱਤਰ ਕੇ ਜੀਨਾਂ ਪਾਉਣ ਵਾਲਾ ਮੁੰਡਾ ਅੰਮ੍ਰਿਤ ਛੱਕ ਕੇ ਚੋਲਾ ਪਾ ਲਵੇ ਕੀ ਉਹ ਪੰਥਕ ਹੈ ਜਾਂ ਫਿਰ 103 ਸਾਲ ਪੁਰਾਣੀ ਤੁਹਾਡੀ ਪਾਰਟੀ ਪੰਥਕ ਹੈ। ਇਹ ਲੋਕਾਂ ਨੂੰ ਸੋਚਣਾ ਹੋਵੇਗਾ ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਲੰਬੇ ਸਮੇਂ ਤੋਂ ਬੰਦੀ ਸਿੰਘਾਂ ਨੂੰ ਛੁਡਵਾਉਣ ਦੀ ਲੜਾਈ ਲੜ ਰਿਹਾ ਹੈ ਅਤੇ ਅੱਜ ਵੀ ਅਸੀਂ ਇਸੇ ਮੁੱਦੇ ਦੇ ਉੱਤੇ ਚੋਣ ਲੜ ਰਹੇ ਹਾਂ। ਉਹਨਾਂ ਵੱਖ-ਵੱਖ ਬੰਦੀ ਸਿੰਘਾਂ ਦੇ ਨਾਮ ਅਤੇ ਸਜ਼ਾਵਾਂ ਦੇ ਸਾਲ ਸਾਂਝੇ ਕਰਦਿਆਂ ਕਿਹਾ ਕਿ ਅਕਾਲੀ ਦਲ ਉਹਨਾਂ ਸਮੁੱਚੇ ਬੰਦੀ ਸਿੰਘਾਂ ਨੂੰ ਰਿਹਾਅ ਕਰਵਾਉਣ ਦੀ ਕੋਸ਼ਿਸ਼ ਵਿੱਚ ਲੱਗਾ ਹੋਇਆ ਹੈ ਜਿਨਾਂ ਵੱਲੋਂ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਗਈਆਂ ਹਨ ਲੇਕਿਨ ਅੱਜ ਵੀ ਉਹ ਜੇਲਾਂ ਦੇ ਅੰਦਰ ਬੰਦ ਹਨ।ਉਹਨਾਂ ਕਿਹਾ ਕਿ ਇੱਕ ਸਾਲ ਜੇਲ ਦੀ ਗਰਮੀ ਬਰਦਾਸ਼ਤ ਨਾ ਕਰਨ ਵਾਲਾ ਪੰਥ ਦੀ ਕੀ ਅਗਵਾਈ ਕਰੂਗਾ, ਜਦ ਕਿ ਸਾਬਕਾ ਮੁੱਖ ਮੰਤਰੀ ਸ੍ਰ ਪ੍ਰਕਾਸ਼ ਸਿੰਘ ਬਾਦਲ ਨੇ 16 ਸਾਲ ਜੇਲ ਕੱਟੀ ਸੀ। ਉਹਨਾਂ ਕਿਹਾ ਕਿ ਜਦ ਉਹਨਾਂ ਦੇ ਪਿਤਾ ਪ੍ਰਕਾਸ਼ ਸਿੰਘ ਬਾਦਲ ਜੇਲ ਦੇ ਵਿੱਚ ਸਨ ਤਾਂ ਮੈਂ ਜਾਂ ਮੇਰੀ ਮਾਤਾ ਨੇ ਧਰਨੇ ਨਹੀਂ ਲਗਾਏ ਕਿ ਉਹਨਾਂ ਨੂੰ ਛੱਡੋ ।ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਜਦ ਸਰਕਾਰ ਐਨਐਸਏ ਲਗਾ ਲਗਾ ਨੌਜਵਾਨਾਂ ਨੂੰ ਅੰਦਰ ਭੇਜ ਰਹੀ ਸੀ ਤਾਂ ਉਹ ਅੱਗੇ ਲੱਗ ਕੇ ਭੱਜਦੇ ਨਹੀਂ ਜਾਂ ਕਦੇ ਕਿਤੇ ਘਰ ਲੁਕਜਾ ਅਤੇ ਬਚਦੇ ਰਹਿਣਾ, ਬਲਕਿ ਸਾਹਮਣੇ ਖੜ ਕੇ ਪੁਲਿਸ ਨੂੰ ਕਹਿੰਦੇ ਸਨ ਕਿ ਕਰੋ ਗ੍ਰਿਫਤਾਰ। ਇਹ ਕੀ ਕੌਮ ਦੀ ਅਗਵਾਈ ਕਰਨਗੇ ।ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੰਮ੍ਰਿਤਪਾਲ ਸਿੰਘ ਤੇ ਤਿੱਖੇ ਸ਼ਬਦੀ ਹਮਲੇ ਕਰਦਿਆਂ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੀ ਰੱਖਿਆ ਦੇ ਲਈ ਅਸੀਂ ਅੱਗੇ ਹੁੰਦੇ ਹਾਂ ਜਦ ਕਿ ਇੱਥੇ ਆਪਣੇ ਬੰਦੇ ਛੁਡਵਾਉਣ ਦੇ ਲਈ ਗੁਰੂ ਸਾਹਿਬ ਦੇ ਸਰੂਪ ਨੂੰ ਥਾਣੇ ਲੈ ਗਏ ਅਤੇ ਪਿੱਛੇ ਪਿੱਛੇ ਤੁਸੀ ਜਾਓ ਕਿਉਂਕਿ ਪਤਾ ਸੀ ਤੇ ਗੁਰੂ ਸਾਹਿਬ ਦੇ ਹਜ਼ੂਰੀ ਦੇ ਵਿੱਚ ਕੋਈ ਲਾਠੀ ਚਾਰਜ ਨਹੀਂ ਹੋਵੇਗਾ।


VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
RAVINDER SINGH BOYAL

# ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ 17 ਮਈ ਨੂੰ ਐਸਐਸਪੀ ਫਿਰੋਜ਼ਪੁਰ ਦੇ ਦਫ਼ਤਰ ਅੱਗੇ ਵਿਸ਼ਾਲ ਧਰਨਾ ਦੇਣ ਦਾ ਐਲਾਨ

ਫਿਰੋਜ਼ਪੁਰ
ਸਾਂਝੀ ਸੋਚ ਬਿਊਰੋ

ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ-ਡਕੌਂਦਾ ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਦੀ ਗ੍ਰਿਫ਼ਤਾਰੀ ਖ਼ਿਲਾਫ਼ ਜ਼ਿਲ੍ਹਾ ਫਿਰੋਜ਼ਪੁਰ ਦੀ ਅਹਿਮ ਵਧਵੀਂ ਮੀਟਿੰਗ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਲਾਧੂਕਾ ਅਤੇ ਜ਼ਿਲ੍ਹਾ ਪ੍ਰਧਾਨ ਜੰਗੀਰ ਸਿੰਘ ਖਹਿਰਾ ਦੀ ਅਗਵਾਈ ਹੇਠ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਕੀਤੀ ਗਈ।

ਇਸ ਵਿੱਚ ਫਿਰੋਜ਼ਪੁਰ ਦੀ ਜ਼ਿਲ੍ਹਾ ਕਮੇਟੀ ਤੋਂ ਇਲਾਵਾ ਸਾਰੇ ਬਲਾਕਾਂ ਦੇ ਆਗੂਆਂ ਨੇ ਭਾਗ ਲਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਆਖਿਆ ਕਿ ਲੋਕ ਸਭਾ ਦੀਆਂ ਚੋਣਾਂ ਚੱਲ ਰਹੀਆਂ ਹਨ ਅਤੇ ਪਾਰਟੀਆਂ ਦੇ ਉਮੀਦਵਾਰ ਲੋਕਾਂ ਤੋਂ ਵੋਟਾਂ ਮੰਗਣ ਆ ਰਹੇ ਹਨ। ਜੇਕਰ ਉਹਨਾਂ ਨੂੰ ਵੋਟਾਂ ਮੰਗਣ ਦਾ ਅਧਿਕਾਰ ਹੈ ਤਾਂ ਲੋਕਾਂ ਨੂੰ ਵੀ ਆਪਣੇ ਬੁਨਿਆਦੀ ਮਸਲਿਆਂ 'ਤੇ ਸਵਾਲ ਪੁੱਛਣ ਦਾ ਅਧਿਕਾਰ ਹੈ। ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਲੋਕਾਂ ਦੇ ਮੂੰਹ ਬੰਦ ਕਰਨ ਅਤੇ ਭਾਜਪਾ ਦੇ ਵਿਰੋਧ ਨੂੰ ਰੋਕਣ ਲਈ ਸਾਡੀ ਜਥੇਬੰਦੀ ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੂੰ ਪੁਰਾਣੇ ਕੇਸਾਂ ਵਿੱਚ ਗ੍ਰਿਫ਼ਤਾਰ ਕਰਕੇ ਜੇਲ੍ਹ ਵਿੱਚ ਬੰਦ ਕਰ ਦਿੱਤਾ ਹੈ। ਇਸ ਕਾਰਵਾਈ ਨੇ ਦੁਬਾਰਾ ਫਿਰ ਸਾਬਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਭਾਜਪਾ ਦੀ ਹੀ ਬੀ ਟੀਮ ਹੈ।

ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਲਾਧੂਕਾ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਜੰਗੀਰ ਸਿੰਘ ਖਹਿਰਾ ਨੇ ਕਿਹਾ ਕਿ ਜੇਲ੍ਹਾਂ ਵਿੱਚ ਡੱਕ ਕੇ ਕਿਸਾਨਾਂ ਦੀ ਆਵਾਜ਼ ਬੰਦ ਨਹੀਂ ਕੀਤੀ ਜਾਂ ਸਕਦੀ। ਜਥੇਬੰਦੀ ਆਪਣੇ ਆਗੂਆਂ ਦੀ ਰਾਖ਼ੀ ਕਰਨੀ ਬਾਖ਼ੂਬੀ ਜਾਣਦੀ ਹੈ। ਜਥੇਬੰਦੀ ਪਿਛਲੇ ਤਿੰਨ ਦਿਨਾਂ ਤੋਂ ਪੰਜਾਬ ਦੇ ਸੈਂਕੜੇ ਪਿੰਡਾਂ ਵਿੱਚ ਪੰਜਾਬ ਸਰਕਾਰ ਅਤੇ ਭਾਰਤੀ ਜਨਤਾ ਪਾਰਟੀ ਦੇ ਪੁਤਲੇ ਫੂਕ ਕੇ ਆਪਣੇ ਗੁੱਸੇ ਅਤੇ ਰੋਸ ਦਾ ਪ੍ਰਗਟਾਵਾ ਕਰਦੀ ਆ ਰਹੀ ਹੈ ਪਰ ਸਰਕਾਰ ਨੇ ਅੱਜ ਤੱਕ ਕੋਈ ਸੁਣਵਾਈ ਨਹੀਂ ਕੀਤੀ।

ਮੀਟਿੰਗ ਨੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਕਿ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਕਰਵਾਉਣ ਲਈ ਸੰਘਰਸ਼ ਨੂੰ ਤੇਜ ਕਰਦੇ ਹੋਏ 16 ਮਈ ਤੱਕ ਸਾਰੇ ਪਿੰਡਾਂ ਵਿੱਚ ਮੀਟਿੰਗਾਂ, ਰੈਲੀਆਂ ਅਤੇ ਅਰਥੀਆਂ ਫੂਕ ਕੇ ਘੋਲ ਨੂੰ ਮਘਾਇਆ ਜਾਵੇਗਾ ਅਤੇ 17 ਮਈ ਨੂੰ ਸੂਬਾ ਕਮੇਟੀ ਦੀ ਦੇਖ ਰੇਖ ਵਿੱਚ ਫਿਰੋਜ਼ਪੁਰ ਦੇ ਐੱਸ ਐੱਸ ਪੀ ਦਫਤਰ ਅੱਗੇ ਜ਼ਿਲ੍ਹਾ ਪੱਧਰਾ ਵਿਸ਼ਾਲ ਧਰਨਾ ਦਿੱਤਾ ਜਾਵੇਗਾ।




ਇਸ ਤੋਂ ਇਲਾਵਾ ਪੂਰੇ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਅਤੇ ਕੁੱਲਰੀਆਂ ਦੇ ਕਿਸਾਨਾਂ ਨੂੰ ਇਨਸਾਫ਼ ਦੇਣ ਸਬੰਧੀ ਸਵਾਲ ਕੀਤੇ ਜਾਣਗੇ। ਹਰਨੇਕ ਸਿੰਘ ਮਹਿਮਾ ਦੀ ਰਿਹਾਈ ਸਬੰਧੀ ਘੋਲ ਨੂੰ ਹੋਰ ਤੇਜ਼ ਕਰਨ ਦੇ ਨਾਲ ਹੀ 21 ਮਈ ਨੂੰ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਜਗਰਾਉਂ ਵਿਖੇ ਕੀਤੀ ਜਾ ਰਹੀ ਭਾਜਪਾ ਵਿਰੋਧੀ ਮਹਾਂਰੈਲੀ ਵਿੱਚ ਜਥੇਬੰਦੀ ਵੱਲੋਂ, ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਅਤੇ ਬੀਬੀਆਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।

ਇਸ ਮੀਟਿੰਗ ਵਿੱਚ ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਕੱਬਰਵੱਛਾ, ਜ਼ਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾਂ, ਜ਼ਿਲ੍ਹਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਡੋਡ, ਜ਼ਿਲ੍ਹਾ ਕਮੇਟੀ ਮੈਂਬਰ ਸ਼ਮਸ਼ੇਰ ਸਿੰਘ ਸਹਿਜਾਦੀ, ਜ਼ਿਲ੍ਹਾ ਕਮੇਟੀ ਮੈਂਬਰ ਬਗੀਚਾ ਸਿੰਘ, ਗੁਰੂ ਹਰ ਸਹਾਏ -1 ਤੋਂ ਬਲਾਕ ਪ੍ਰਧਾਨ ਅਸ਼ੋਕ ਕੁਮਾਰ, ਗੁਰੁ ਹਰ ਸਹਾਏ -2 ਤੋਂ ਬਲਾਕ ਪ੍ਰਧਾਨ ਸੁਖਦੇਵ ਢੋਟ, ਮਮਦੋਟ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ, ਫਿਰੋਜ਼ਪੁਰ ਤੋਂ ਬਲਾਕ ਪ੍ਰਧਾਨ ਅਮਰੀਕ ਸਿੰਘ ਪੱਲ੍ਹਾ ਮੇਘਾ, ਘੱਲ ਕਲਾਂ ਬਲਾਕ ਤੋਂ ਪ੍ਰਧਾਨ ਸਾਹਿਬ ਸਿੰਘ, ਜ਼ੀਰਾ ਬਲਾਕ ਪ੍ਰਧਾਨ ਪਰਨੀਤ ਸਿੰਘ ਭੜਾਣਾ ਤੋਂ ਇਲਾਵਾ ਬਲਾਕਾਂ ਦੇ ਜਨਰਲ ਸਕੱਤਰ ਅਤੇ ਸਾਰੇ ਬਲਾਕ ਕਮੇਟੀ ਮੈਂਬਰ ਹਾਜ਼ਰ ਸਨ।

## ਜਸਪ੍ਰੀਤ ਸਿੰਘ ਅਟਾਰਨੀ ਦੀ ਅਮਰੀਕੀ ਉਪ ਰਾਸ਼ਟਰਪਤੀ ਕਮਲਾ ਹੈਰਿਸ ਨਾਲ ਹੋਈ ਮੁਲਾਕਾਤ

ਸੈਕਰਾਮੈਂਟੋ
ਸਾਂਝੀ ਸੋਚ ਬਿਊਰੋ



ਉੱਘੇ ਵਕੀਲ ਜਸਪ੍ਰੀਤ ਸਿੰਘ ਅਟਾਰਨੀ ਵੱਲੋਂ ਅਮਰੀਕਾ ਦੀ ਉਪ ਰਾਸ਼ਟਰਪਤੀ ਕਮਲਾ ਹੈਰਿਸ ਨਾਲ ਇਕ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਦੌਰਾਨ ਅਟਾਰਨੀ ਜਸਪ੍ਰੀਤ ਸਿੰਘ ਨੇ ਕਮਲਾ ਹੈਰਿਸ ਨਾਲ ਇੰਮੀਗ੍ਰੇਸ਼ਨ ਅਤੇ ਅਮਰੀਕਾ ਵਿਚ ਸਿੱਖ ਮਸਲਿਆਂ ਬਾਰੇ ਖੁੱਲ੍ਹ ਕੇ ਵਿਚਾਰ-ਵਟਾਂਦਰੇ ਕੀਤੇ। ਉਨ੍ਹਾਂ ਉਪ ਰਾਸ਼ਟਰਪਤੀ ਨੂੰ ਅਪੀਲ ਕੀਤੀ ਕਿ ਲੰਮੇ ਚਿਰਾਂ ਤੋਂ ਲਟਕਦੇ ਆ ਰਹੇ ਇੰਮੀਗ੍ਰੇਸ਼ਨ ਕੇਸਾਂ ਨੂੰ ਤੁਰੰਤ ਹੱਲ ਕਰਵਾਇਆ ਜਾਵੇ, ਖਾਸ ਕਰਕੇ ਫੈਮਿਲੀ ਪਟੀਸ਼ਨ ਦਾ ਨੰਬਰ ਕਾਫੀ ਦੇਰ ਬਾਅਦ ਆਉਂਦਾ ਹੈ। ਬੈਕਲਾਗ ਵੱਧ ਜਾਣ ਕਾਰਨ ਬਹੁਤ ਸਾਰੇ ਬੱਚੇ ਆਪਣੇ ਮਾਂ-ਬਾਪ ਨਾਲ ਅਮਰੀਕਾ ਵਿਚ ਆਉਣ ਤੋਂ ਵਾਂਝੇ ਰਹਿ ਜਾਂਦੇ ਹਨ। ਉਨ੍ਹਾਂ ਉਪ ਰਾਸ਼ਟਰਪਤੀ ਨੂੰ ਅਪੀਲ ਕੀਤੀ ਕਿ ਅਸਾਇਲਮ ਦੇ ਕੇਸਾਂ ਲਈ ਅਦਾਲਤਾਂ ਦੀ ਗਿਣਤੀ ਵਿਚ ਵਾਧਾ ਕੀਤਾ ਜਾਵੇ, ਤਾਂਕਿ ਉਨ੍ਹਾਂ ਦੇ ਕੇਸ ਜਲਦੀ ਨਿਪਟਾਏ ਜਾ ਸਕਣ। ਇਸ ਦੇ ਨਾਲ ਹੀ ਜਸਪ੍ਰੀਤ ਸਿੰਘ ਅਟਾਰਨੀ ਨੇ ਕਿਹਾ ਕਿ ਕੁੱਝ ਤੱਤ ਸਿੱਖ ਕੌਮ ਨੂੰ ਨਿਸ਼ਾਨਾ ਬਣਾ ਰਹੇ ਹਨ, ਜਿਸ ‘ਤੇ ਨੱਥ ਪਾਈ ਜਾਣੀ ਚਾਹੀਦੀ ਹੈ। ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਜਸਪ੍ਰੀਤ ਸਿੰਘ ਦੀਆਂ ਦਲੀਲਾਂ ਬੜੇ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਦੇ ਇਹ ਮਸਲੇ ਹੱਲ ਕਰਵਾਉਣ ਲਈ ਵਚਨਬੱਧਤਾ ਪ੍ਰਗਟਾਈ।

## ਕਿਸੇ ਦੂਜੇ ਦਾ ਪਾਸਪੋਰਟ ਲੈ ਕੇ ਕੈਨੇਡਾ ਜਾਣ ਲਈ ਏਅਰਪੋਰਟ ਪਹੁੰਚਿਆ ਵਿਅਕਤੀ ਗ੍ਰਿਫ਼ਤਾਰ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ



ਦਿੱਲੀ ਦੇ ਆਈ.ਜੀ.ਆਈ. ਇੰਟਰਨੈਸ਼ਨਲ ਏਅਰਪੋਰਟ ‘ਤੇ ਕਿਸੇ ਦੂਜੇ ਦਾ ਪਾਸਪੋਰਟ ਲੈ ਕੇ ਕੈਨੇਡਾ ਦੀ ਯਾਤਰਾ ਕਰਨ ਲਈ ਪਹੁੰਚੇ ਇਕ ਯਾਤਰੀ ਨੂੰ ਇਮੀਗ੍ਰੇਸ਼ਨ ਨੇ ਫੜ ਕੇ ਪੁਲਿਸ ਦੇ ਹਵਾਲੇ ਕਰ ਦਿੱਤਾ। ਪੁੱਛਗਿੱਛ ‘ਚ ਮਿਲੀ ਜਾਣਕਾਰੀ ਦੇ ਆਧਾਰ ‘ਤੇ ਏਅਰਪੋਰਟ ਪੁਲਿਸ ਨੇ ਯਾਤਰੀ ਨੂੰ ਪਾਸਪੋਰਟ ਮੁਹੱਈਆ ਕਰਵਾਉਣ ਵਾਲੇ ਪੰਜਾਬ ਦੇ 2 ਏਜੰਟਾਂ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ, ਜਿਨ੍ਹਾਂ ਦੀ ਪਛਾਣ ਮੋਹਾਲੀ ਦੇ 32 ਸਾਲਾ ਸਪਿੰਦਰ ਸਿੰਘ ਤੇ ਪਟਿਆਲਾ ਦੇ 35 ਸਾਲਾ ਜਗਦੇਵ ਸਿੰਘ ਵਜੋਂ ਹੋਈ ਹੈ। ਉਨ੍ਹਾਂ ਨੇ ਅੰਬਾਲਾ (ਹਰਿਆਣਾ) ਦੇ ਵਾਸੀ 20 ਸਾਲਾ ਨਵਜੋਤ ਸਿੰਘ ਨੂੰ ਕੈਨੇਡਾ ਭੇਜਣ ਲਈ ਕਿਸੇ ਦੂਜੇ ਦਾ ਪਾਸਪੋਰਟ ਮੁਹੱਈਆ ਕਰਵਾ ਦਿੱਤਾ ਸੀ।




E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
$20 MONTHLY
SUBSCRIPTION
CRITICAL ENGINE DATA
Tracking
Tire Pressure
Diagnostics
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SATBIR SINGH HEER


web -www.globaltruckpermits.com
email -info@globaltruckpermits.com
ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਕੈਲੇਫੋਰਨੀਆ ਅੰਦਰ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
"ਸਾਡਾ ਇਸ ਕੰਮ ਵਿਚ 18 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
Cell : (510) 557-6988 | Ph : 209-636-0880
Address: 159 Darcy Pkwy Lathrop CA 95330

# ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਹਲਕਾ ਰਾਜਾਸਾਂਸੀ ਦੇ ਕਸਬਾ ਚੋਗਾਵਾਂ ਵਿਖੇ ਮੋਟਰਸਾਈਕਲ ’ਤੇ ਸਵਾਰ ਹੋ ਕੇ ਰੋਡ ਸ਼ੋਅ ਕੀਤਾ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਹਲਕਾ ਰਾਜਾਸਾਂਸੀ ਦੇ ਕਸਬਾ ਚੋਗਾਵਾਂ ਵਿਖੇ ਮੋਟਰਸਾਈਕਲ ਤੇ ਸਵਾਰ ਹੋ ਕੇ ਰੋਡ ਸ਼ੋ ਕੀਤਾ। ਇਸ ਮੌਕੇ ਹਲਕਾ ਇੰਚਾਰਜ ਮੁਖਵਿੰਦਰ ਸਿੰਘ ਮਾਹਲ ਵੀ ਮੌਜੂਦ ਸਨ। ਉਹਨਾਂ ਚੋਗਾਵਾਂ ਮੇਨ ਬਾਜ਼ਾਰ ਵਿਖੇ ਡੋਰ ਟੂ ਡੋਰ ਜਾਕੇ ਦੁਕਾਨਦਰਾਂ ਅਤੇ ਵਸਨੀਕਾਂ ਨਾਲ ਸਿਧਾ ਸੰਪਰਕ ਸਾਧਦਿਆਂ ਉਹਨਾਂ ਨੂੰ ਸਾਥ ਦੇਣ ਦੀ ਅਪੀਲ ਕੀਤੀ। ਇਸ ਦੌਰਾਨ ਬਜ਼ਾਰ ਵਿਚ ਸੰਧੂ ਸਮੁੰਦਰੀ ਦਾ ਲੋਕਾਂ ਨੇ ਕੀਤਾ ਸ਼ਾਨਦਾਰ ਸਵਾਗਤ। ਸੰਧੂ ਨੂੰ ਫੁੱਲਾਂ ਦੇ ਹਾਰ ਅਤੇ ਸਿਰੋਪਾਉ ਦਿੱਤੇ ਗਏ ਅਤੇ ਫੁੱਲਾਂ ਦੀ ਵਰਖਾ ਕੀਤੀ ਗਈ। ਲੋਕਾਂ ਨੇ ਸੰਧੂ ਨਾਲ ਗਲਵੱਕੜੀਆਂ ਪਾਈਆਂ ਅਤੇ ਸੈਲਫੀਆਂ ਲਈਆਂ। ਲੋਕਾਂ ਦਾ ਉਤਸ਼ਾਹ ਦੇਖਿਆਂ ਹੀ ਬਣਦਾ ਸੀ। ਉੱਥੇ ਹੀ ਲੋਕ ਆਪ ਮੁਹਾਰੇ ਹੋ ਕੇ ਸੰਧੂ ਸਮੁੰਦਰੀ ਨਾਲ ਚੱਲ ਪਏ। ਲੋਕਾਂ ਨੇ ਸੰਧੂ ਸਮੁੰਦਰੀ ਨੂੰ ਦੱਸਿਆ ਕਿ ਕਦੀ ਵੀ ਚੁਣੇ ਹੋਏ ਲੋਕ ਸਭਾ ਨੁਮਾਇੰਦੇ ਨੇ ਉਨ੍ਹਾਂ ਦੀ ਸਾਰ ਨਹੀਂ ਲਈ ਹੈ। ਸਮੂਹ ਇਲਾਕਾ ਨਿਵਾਸੀਆਂ ਨੇ ਚੋਣ ਮੁਹਿੰਮ ਨੂੰ ਸਫਲ ਬਣਾਉਣ ਲਈ ਡਟ ਕੇ ਸਮਰਥਨ ਦੇਣ ਦਾ ਭਰੋਸਾ ਦਿੱਤਾ ਬਲਕਿ ਵੱਡੀ ਲੀਡ ਨਾਲ ਲੋਕ ਸਭਾ ’ਚ ਭੇਜਣ ਦੀ ਗੱਲ ਕਹੀ। ਇਸ ਮੌਕੇ ਸੰਧੂ ਸਮੁੰਦਰੀ ਨੇ ਲੋਕਾਂ ਨੂੰ ਯਕੀਨ ਦਿਵਾਉਂਦੀਆਂ ਕਿਹਾ ਕਿ ਉਹ ਅੰਮ੍ਰਿਤਸਰ ਹਲਕੇ ਨੂੰ ਨਮੂਨੇ ਦਾ ਹਲਕਾ ਬਣਾ ਕੇ ਪਹਿਲੇ ਨੰਬਰ ਤੇ ਲੈ ਕੇ ਆਉਣਗੇ।

ਤਰਨਜੀਤ ਸਿੰਘ ਸੰਧੂ ਨੇ ਇਲਾਕਾ ਨਿਵਾਸੀਆਂ ਵੱਲੋਂ ਚੋਣ ਮੁਹਿੰਮ ਨੂੰ ਦਿੱਤੇ ਗਏ ਭਰਵੇਂ ਹੁੰਗਾਰੇ ਲਈ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਜਨਤਾ ਵੱਲੋਂ ਮਿਲ ਰਿਹਾ ਸਮਰਥਨ ਮੇਰੇ ਇਰਾਦਿਆਂ ਨੂੰ ਹੋਰ ਮਜ਼ਬੂਤ ਕਰ ਰਿਹਾ ਹੈ। ਉਨ੍ਹਾਂ ਕਿਹਾ ਚੋਗਾਵਾਂ ’ਚ ਕਿਸੇ ਦੀ ਵੀ ਧੱਕੇਸ਼ਾਹੀ ਨਹੀਂ ਚਲਣ ਦੇਣਗੇ। ਸੰਧੂ ਸਮੁੰਦਰੀ ਨੇ ਕਿਹਾ ਕਿ ਰਾਜਾਸਾਂਸੀ ਅਤੇ ਅੰਮ੍ਰਿਤਸਰ ਦੇ ਵਿਕਾਸ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ।

ਉਹਨਾਂ ਕਿਹਾ ਕਿ ਹੱਸਦਾ ਵੱਸਦਾ ਪੰਜਾਬ ਸੀ। ਅੱਜ ਦਾ ਪੰਜਾਬ ਦੇਖ ਕੇ ਮਨ ਦੁਖੀ ਹੁੰਦਾ ਹੈ। ਨਸ਼ਿਆਂ ਬਾਰੇ ਚਿੰਤਾ ਜ਼ਾਹਿਰ ਕਰਦਿਆਂ ਉਨ੍ਹਾਂ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ, ਜੋ ਪੀੜੀ ਨੂੰ ਖ਼ਤਮ ਕਰਨ ’ਤੇ ਤੁਲੇ ਹੋਏ ਹਨ। ਉਨ੍ਹਾਂ ਕਿਹਾ ਕਿ ਨਸ਼ੇ ’ਚ ਲੱਗੇ ਨੌਜਵਾਨਾਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਦੇ ਕੇ ਉਨ੍ਹਾਂ ਦਾ ਮੁੜ ਵਸੇਬਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਔਰਤਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇਗਾ ਜਿਸ ਲਈ ਪ੍ਰਸ਼ਾਸਨ ਜ਼ਿੰਮੇਵਾਰੀ ਤੈਅ ਹੋਵੇਗੀ। ਭਾਜਪਾ ਦਾ ਮੁੱਖ ਉਦੇਸ਼ ਕਾਨੂੰਨ ਵਿਵਸਥਾ ਨੂੰ ਇਸ ਹੱਦ ਤੱਕ ਸੁਧਾਰਨਾ ਹੋਵੇਗਾ ਕਿ ਔਰਤਾਂ ਨੂੰ ਦੇਰ ਰਾਤ ਕੰਮ ਤੋਂ ਘਰ ਪਹੁੰਚਣ 'ਤੇ ਕਿਸੇ ਡਰ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਅੰਮ੍ਰਿਤਸਰ ਵਿਖੇ ਅਮਰੀਕਨ ਕੌਂਸਲੇਟ ਲਿਆਉਣ, ਵੀ ਐੱਫ਼ ਐਸ ਸੈਂਟਰ ਖੁਲ੍ਹਵਾਉਣ, ਕਿਸਾਨੀ ਦੀ ਆਮਦਨੀ ਵਧਾਉਣ ਲਈ ਫ਼ਲ ਅਤੇ ਸਬਜ਼ੀਆਂ ਕਾਰਗੋ ਰਾਹੀਂ ਖਾੜੀ ਦੇਸ਼ਾਂ ਨੂੰ ਭੇਜਣ ਦੀ ਗਲ ਦਸੀ। ਉਨ੍ਹਾਂ ਦੱਸਿਆ ਕਿ ਅਮਰੀਕਨ ਪ੍ਰਵਾਸੀ ਭਾਈਚਾਰੇ ਵੱਲੋਂ ਅੰਮ੍ਰਿਤਸਰ ਵਿਖੇ ਸਟਾਰਟਅੱਪ ਸ਼ੁਰੂ ਕਰਨ ਲਈ 850 ਕਰੋੜ ਦਾ ਪ੍ਰਬੰਧ ਕੀਤਾ ਹੋਇਆ ਹੈ। ਜਿਸ ਦਾ ਨੌਜਵਾਨਾਂ ਨੂੰ ਪੂਰਾ ਲਾਭ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ, ਮੈਂ ਸਿਰਫ਼ ਇਹੀ ਕਹਾਂਗਾ ਕਿ ਜਦੋਂ ਸੰਸਦੀ ਚੋਣਾਂ ਹੋਣਗੀਆਂ ਤਾਂ ਸੋਚ ਸਮਝ ਕੇ ਵੋਟ ਕਰੋ ਅਤੇ ਜਦੋਂ ਤੁਸੀਂ ਮੈਨੂੰ ਇੱਥੋਂ ਸਾਂਸਦ ਬਣਾ ਕੇ ਭੇਜੋਗੇ ਤਾਂ ਮੈਂ ਭਾਰਤ ਸਰਕਾਰ ਅਤੇ ਵਿਦੇਸ਼ੀ ਸਰੋਤਾਂ ਦੀ ਮਦਦ ਨਾਲ ਹਰ ਸਮੱਸਿਆ ਦਾ ਹੱਲ ਕਰਾਂਗਾ। ਬੱਸ ਤੁਸੀਂ ਇਕ ਜੂਨ ਨੂੰ ਕਮਲ ਦੇ ਫੁੱਲ ਦਾ ਬਟਨ ਦਬਾ ਕੇ ਵੋਟਾਂ ਪਾਉਣ ਦੀ ਖੇਚਲ ਜ਼ਰੂਰ ਕਰਨੀ ਹੈ।



# ਅਮਰੀਕਾ ਦੇ ਦੱਖਣੀ ਜਾਰਜੀਆ ਵਿਚ ਕੁੱਤਿਆਂ ਦੇ ਝੁੰਡ ਦੇ ਹਮਲੇ ਵਿਚ ਇਕ ਔਰਤ ਦੀ ਮੌਤ ਅਤੇ ਉਸ ਦੇ 3 ਬੱਚੇ ਜ਼ਖ਼ਮੀ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ



ਅਮਰੀਕਾ ਦੇ ਦੱਖਣੀ ਜਾਰਜੀਆ ਰਾਜ ਦੇ ਇਕ ਸ਼ਹਿਰ ਵਿਚ ਕੁੱਤਿਆਂ ਦੇ ਝੁੰਡ ਵੱਲੋਂ ਕੀਤੇ ਹਮਲੇ ਵਿਚ ਇਕ ਔਰਤ ਦੀ ਮੌਤ ਹੋਣ ਤੇ ਉਸ ਦੇ 3 ਬੱਚਿਆਂ ਦੇ ਜ਼ਖਮੀ ਹੋਣ ਦੀ ਖਬਰ ਹੈ। ਬੱਚਿਆਂ ਨੂੰ ਜ਼ਖਮੀ ਹਾਲਤ ਵਿਚ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਬਰੁਕਸ ਕਾਊਂਟੀ ਸ਼ੈਰਿਫ ਦਫਤਰ ਦੇ ਪੁਲਿਸ ਅਫਸਰਾਂ ਅਨੁਸਾਰ ਫਲੋਰਿਡਾ-ਜਾਰਜੀਆ ਰਾਜ ਨੇੜੇ ਇਕ ਛੋਟੇ ਜਿਹੇ ਸ਼ਹਿਰ ਕੁਇਟਮੈਨ ਵਿਖੇ ਇਕ ਘਰ ਦੇ ਵੇਹੜੇ ਵਿਚ ਕੁੱਤਿਆਂ ਵੱਲੋਂ ਕੀਤੇ ਹਮਲੇ ਵਿਚ 35 ਸਾਲਾ ਔਰਤ ਕਰਟਨੀ ਵਿਲੀਅਮਜ ਦੀ ਮੌਤ ਹੋ ਗਈ। ਜਾਰਜੀਆ ਜਾਂਚ ਬਿਊਰੋ ਅਨੁਸਾਰ ਪੁਲਿਸ ਅਫਸਰਾਂ ਨੇ ਇਹ ਨਹੀਂ ਦਸਿਆ ਕਿ ਹਮਲਾ ਕਿਸ ਨਸਲ ਦੇ ਕੁੱਤਿਆਂ ਨੇ ਕੀਤਾ ਹੈ। ਜੀ ਬੀ ਆਈ ਵੱਲੋਂ ਦਿੱਤੀ ਮੁੱਢਲੀ ਜਾਣਕਾਰੀ ਅਨੁਸਾਰ ਬੱਚਿਆਂ ਉਪਰ ਕੁੱਤਿਆਂ ਵੱਲੋਂ ਹਮਲਾ ਕਰ ਦੇਣ ਦੀ ਸੂਚਨਾ ਮਿਲਣ 'ਤੇ ਜਦੋਂ ਪੁਲਿਸ ਅਫਸਰ ਮੌਕੇ ਉਪਰ ਪੁੱਜੇ ਤਾਂ ਉਨਾਂ ਦਾ ਸਾਹਮਣਾ ਉਥੇ ਮੌਜੂਦ ਬਹੁਤ ਸਾਰੇ ਖਤਰਨਾਕ ਕੁੱਤਿਆਂ ਨਾਲ ਹੋਇਆ। ਓਦੋਂ ਤੱਕ ਕੋਈ ਵਿਅਕਤੀ ਬੱਚਿਆਂ ਨੂੰ ਹਸਪਤਾਲ ਲਿਜਾ ਚੁੱਕਾ ਸੀ। ਪੁਲਿਸ ਅਫਸਰਾਂ ਨੂੰ ਘਰ ਦੇ ਵੇਹੜੇ ਵਿਚੋਂ ਵਿਲੀਅਮਜ ਦੀ ਲਾਸ਼ ਬਰਾਮਦ ਹੋਈ ਜਿਸ ਨੂੰ ਕੁੱਤਿਆਂ ਨੇ ਬੁਰੀ ਤਰਾਂ ਨੋਚਿਆ ਹੋਇਆ ਸੀ। ਪੁਲਿਸ ਨੇ ਜ਼ਖਮੀ ਹੋਏ ਬੱਚਿਆਂ ਦੀ ਉਮਰ ਜਾਂ ਉਨਾਂ ਦੇ ਜ਼ਖਮਾਂ ਸਬੰਧੀ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਹੈ। ਮ੍ਰਿਤਕ ਔਰਤ ਦੀ ਨਨਾਣ ਕ੍ਰਿਸਟਲ ਕਾਕਸ ਨੇ ਦੱਸਿਆ ਕਿ ਕੁੱਤੇ ਗਵਾਂਢੀ ਦੇ ਹਨ ਜੋ ਵਿਲੀਅਮਜ ਦੇ ਘਰ ਦੇ ਪਿੱਛੇ ਰਹਿੰਦਾ ਹੈ। ਵਿਲੀਅਮਜ ਆਪਣੇ 3 ਬੱਚਿਆਂ ਤੇ ਪਤੀ ਨਾਲ ਘਰ ਵਿਚ ਰਹਿੰਦੀ ਸੀ। ਕਾਕਸ ਨੇ ਦੱਸਿਆ ਕਿ ਜਦੋਂ ਬੱਚੇ ਜਿਨਾਂ ਵਿਚ ਇਕ 10 ਸਾਲ ਦੀ ਲੜਕੀ, 12 ਸਾਲ ਦਾ ਲੜਕਾ ਤੇ ਇਕ 14 ਸਾਲ ਦਾ ਲੜਕਾ ਸ਼ਾਮਿਲ ਹੈ, ਸਕੂਲ ਬੱਸ ਵਿਚੋਂ ਉਤਰੇ ਤਾਂ ਦਰਜਨ ਦੇ ਕਰੀਬ ਕੁੱਤਿਆਂ ਨੇ ਉਨਾਂ ਉਪਰ ਹਮਲਾ ਕਰ ਦਿੱਤਾ। ਬੱਚਿਆਂ ਦੀ ਮਾਂ ਉਨਾਂ ਦੀ ਮੱਦਦ ਲਈ ਦੌੜੀ ਪਰੰਤੂ ਉਹ ਖੁਦ ਹੀ ਕੁੱਤਿਆਂ ਦਾ ਸ਼ਿਕਾਰ ਹੋ ਗਈ। ਘਟਨਾ ਦੀ ਰਾਜ ਤੇ ਸਥਾਨਕ ਪੱਧਰ ਦੇ ਅਧਿਕਾਰੀ ਜਾਂਚ ਕਰ ਰਹੇ ਹਨ। ਜਾਂਚ ਉਪਰੰਤ ਹੀ ਪੁਲਿਸ ਵੱਲੋਂ ਅਗਲੀ ਕਾਰਵਾਈ ਕੀਤੇ ਜਾਣ ਦੀ ਸੰਭਾਵਨਾ ਹੈ।

Space available for Ad
Contact # +1 (209) 303-1260



WE HAVE THE CHEAPEST FARES TO INDIA

LEGEND TRAVEL

arc accredited agency
CST # 207524-40

Special Fares To India From West-coast (us) On Air India Direct Flights



JATINDER SINGH




LOWEST AIRFARES FROM USA TO INDIA

★Travel Insurance ★ Great last Minute Deals★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE & SUPPORT
ਹਲਕਾ ਸੰਗਰੂਰ
ਹਲਕਾ ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
JB TYRES INC
24/7 MOBILE REPAIR
TRUCK AND TRAILER
• NEW / USED TYRES • BRAKES • HUBS SEAL • OIL CHANGE
TEL: 337-513-3544 1651 FAIRVIEW DR. CERES. CA 95307
MAHABIR SINGH
JOBANPREET SINGH


One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੇਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**

Realtor ®

CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਆਮ ਆਦਮੀ ਪਾਰਟੀ ਦੇ ਸ਼ਾਸਨ 'ਚ ਉਨ੍ਹਾਂ ਦੀ ਮਹਿਲਾ ਸੰਸਦ ਮੈਂਬਰ ਵੀ ਸੁਰੱਖਿਅਤ ਨਹੀਂ –ਡਾ. ਸੁਭਾਸ਼ ਸ਼ਰਮਾ

**ਸ੍ਰੀ ਆਨੰਦਪੁਰ ਸਾਹਿਬ ਸਾਂਝੀ ਸੋਚ ਬਿਊਰੋ**

ਸ੍ਰੀ ਆਨੰਦਪੁਰ ਸਾਹਿਬ ਤੋਂ ਭਾਜਪਾ ਦੇ ਉਮੀਦਵਾਰ ਡਾ. ਸੁਭਾਸ਼ ਸ਼ਰਮਾ ਨੇ ਅੱਜ ਮੁਹਾਲੀ ਅਤੇ ਖਰੜ ਵਿੱਚ ਆਪਣੀ ਚੋਣ ਮੁਹਿੰਮ ਨੂੰ ਤੇਜ਼ ਕਰਦਿਆਂ ਚੋਣ ਪ੍ਰਚਾਰ ਕੀਤਾ। ਇਸ ਦੌਰਾਨ ਖਰੜ ਵਿਖੇ ਵਕੀਲਾਂ ਵੱਲੋਂ ਕੀਤੀ ਗਈ ਜਨਸਭਾ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਆਮ ਆਦਮੀ ਪਾਰਟੀ 'ਤੇ ਵੱਡਾ ਸਿਆਸੀ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਹੋਵੇ ਜਾਂ ਦਿੱਲੀ, ਆਮ ਆਦਮੀ ਪਾਰਟੀ ਦੇ ਆਗੂ ਨਾ ਤਾਂ ਔਰਤਾਂ ਦਾ ਸਤਿਕਾਰ ਕਰਨਾ ਜਾਣਦੇ ਹਨ ਅਤੇ ਨਾ ਹੀ ਉਹਨਾਂ ਨੂੰ ਕੀਤੇ ਵਾਅਦੇ ਨਿਭਾਉਣਾ ਜਾਣਦੇ ਹਨ। ਇਸ ਦਾ ਇੱਕ ਉਦਾਹਰਣ ਆਮ ਆਦਮੀ ਪਾਰਟੀ ਦੀ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਨਾਲ ਦਿੱਲੀ ਦੇ ਮੁੱਖ ਮੰਤਰੀ ਹਾਊਸ ਵਿੱਚ ਹੀ ਦੁਰਵਿਵਹਾਰ ਹੈ ਅਤੇ ਦੂਜਾ ਪੰਜਾਬ ਦੀਆਂ ਔਰਤਾਂ ਨੂੰ ਅਜੇ ਤੱਕ 1000 ਰੁਪਏ ਪ੍ਰਤੀ ਮਹੀਨਾ ਨਹੀਂ ਮਿਲਣਾ ਹੈ, ਜਿਸ ਬਾਰੇ ਆਮ ਆਦਮੀ ਪਾਰਟੀ ਨੇ 2022 ਦੀ ਵਿਧਾਨ ਸਭਾ ਵਿੱਚ ਵਾਦਾ ਕਿੱਤਾ ਸੀ । ਅੱਜ ਤੱਕ ਪੰਜਾਬ ਦੀ ਇੱਕ ਵੀ ਔਰਤ ਨੂੰ ਇਹ ਰਕਮ ਨਹੀਂ ਮਿਲੀ। ਡਾ. ਸੁਭਾਸ਼ ਸ਼ਰਮਾ ਨੇ ਦੱਸਿਆ ਕਿ ਸਵਾਤੀ ਮਾਲੀਵਾਲ 13 ਮਈ ਨੂੰ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਗਈ ਸੀ ਅਤੇ ਉੱਥੇ ਮੁੱਖ ਮੰਤਰੀ ਕੇਜਰੀਵਾਲ ਦੇ ਨਿੱਜੀ ਸਕੱਤਰ ਵਿਭਵ ਨੇ ਡਰਾਇੰਗ ਰੂਮ 'ਚ ਉਨ੍ਹਾਂ ਨਾਲ ਮਾਰ ਕੁਟਾਈ ਕਿੱਤੀ । ਇਹ ਬਹੁਤ ਹੀ ਸ਼ਰਮਨਾਕ ਘਟਨਾ ਹੈ ਅਤੇ ਇਹ ਜਨਤਾ ਨੂੰ ਸੋਚਣ ਲਈ ਮਜ਼ਬੂਰ ਕਰਦੀ ਹੈ ਕਿ ਜੇਕਰ ਪਾਰਟੀ ਦੇ ਮੁੱਖ ਮੰਤਰੀ ਦੇ ਘਰ ਉਨ੍ਹਾਂ ਦੀ ਹੀ ਪਾਰਟੀ ਦੇ ਸੰਸਦ ਮੈਂਬਰ ਸੁਰੱਖਿਅਤ ਨਹੀਂ ਹਨ ਤਾਂ ਦਿੱਲੀ ਅਤੇ ਪੰਜਾਬ ਦੀਆਂ ਔਰਤਾਂ ਨੂੰ ਆਪਣੇ ਆਪ ਨੂੰਆਪ ਦੇ ਰਾਜ ਵਿੱਚ ਕਿਦਾਂ ਸੁਰੱਖਿਅਤ ਸਮਝਣ । ਡਾ: ਸੁਭਾਸ਼



ਸ਼ਰਮਾ ਨੇ ਕਿਹਾ ਕਿ ਮਾਨ ਸਰਕਾਰ ਨੇ ਚੋਣ ਵਾਅਦਾ ਕੀਤਾ ਸੀ ਕਿ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਦਿੱਤੇ ਜਾਣਗੇ ਪਰ ਅੱਜ ਤੱਕ ਇਹ ਵਾਅਦਾ ਪੂਰਾ ਨਹੀਂ ਹੋਇਆ ਙਉਨ੍ਹਾਂ ਕਿਹਾ ਕਿ ਅਸਲ 'ਚ ਪੰਜਾਬ ਦੀ ਆਰਥਿਕਤਾ ਢਹਿ ਢੇਰੀ ਹੋ ਚੁਕੀ ਹੈ ਅਤੇ 'ਆਪ' ਵੱਲੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਪੂਰੇ ਕਰਨ ਲਈ ਮਾਨ ਸਰਕਾਰ ਕੋਲ ਪੈਸੇ ਨਹੀਂ ਹਨ। ਜੇਕਰ ਸਾਰੀਆਂ 1.3 ਕਰੋੜ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦਿੱਤੇ ਜਾਣ ਤਾਂ ਇਸ ਲਈ 15,600 ਕਰੋੜ ਰੁਪਏ ਸਾਲਾਨਾ ਦੀ ਲੋੜ ਹੋਵੇਗੀ, ਜਦਕਿ ਅਸਲੀਅਤ ਇਹ ਹੈ ਕਿ ਸਰਕਾਰੀ ਖਜ਼ਾਨਾ ਖਾਲੀ ਹੈ ਅਤੇ ਕਰਜ਼ੇ ਦੀ ਮਾਰ ਹੇਠ ਆਈ 'ਆਪ' ਸਰਕਾਰ ਖਰਚੇ ਪੂਰੇ ਕਰਨ ਲਈ ਕਰਜ਼ਾ ਲੈ ਰਹੀ ਹੈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਭਗਵੰਤ ਮਾਨ ਅਤੇ ਕੇਜਰੀਵਾਲ ਦਾ ਆਪਣੇ ਚੋਣ ਵਾਅਦੇ ਪੂਰੇ ਕਰਨ ਦਾ ਕੋਈ ਇਰਾਦਾ ਨਹੀਂ ਹੈ।

ਡਾ. ਸੁਭਾਸ਼ ਸ਼ਰਮਾ ਨੇ ਖਰੜ ਕੋਰਟ ਕੰਪਲੈਕਸ ਵਿੱਚ ਵਕੀਲਾਂ ਨਾਲ ਮੁਲਾਕਾਤ ਕੀਤੀ ਅਤੇ ਮੀਟਿੰਗ ਦੌਰਾਨ ਵਕੀਲਾਂ ਨੇ ਉਨ੍ਹਾਂ ਅੱਗੇ ਆਪਣੀਆਂ ਮੰਗਾਂ ਰੱਖੀਆਂ। ਇਨ੍ਹਾਂ ਮੰਗਾਂ ਵਿੱਚ ਬਾਰ ਐਸੋਸੀਏਸ਼ਨ ਨੂੰ ਮਜ਼ਬੂਤ ਕਰਨਾ, ਅਦਾਲਤ ਵਿੱਚ ਬਾਰ ਰੂਮ ਅਤੇ ਚੈਂਬਰ ਵਿੱਚ ਸੁਧਾਰ ਕਰਨਾ ਸ਼ਾਮਲ ਹੈ। ਇਨ੍ਹਾਂ ਮੰਗਾਂ ਨੂੰ ਸੁਣਨ ਤੋਂ ਬਾਅਦ ਡਾ: ਸੁਭਾਸ਼ ਸ਼ਰਮਾ ਨੇ ਭਰੋਸਾ ਦਿੱਤਾ ਕਿ ਉਹ ਸ੍ਰੀ ਅਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਜਿੱਤ ਕੇ ਇਨ੍ਹਾਂ ਸਾਰੀਆਂ ਮੰਗਾਂ ਨੂੰ ਪੂਰਾ ਕਰਨਗੇ ਙ

ਚੋਣ ਪ੍ਰਚਾਰ ਦੌਰਾਨ ਡਾ: ਸੁਭਾਸ਼ ਸ਼ਰਮਾ ਨੇ ਕਿਹਾ ਕਿ ਗੁਰੂਗ੍ਰਾਮ ਅਤੇ ਬੰਗਲੁਰੂ ਵਾਂਗ ਮੁਹਾਲੀ ਨੂੰ ਵੀ ਆਈ.ਟੀ ਹੱਬ ਬਣਾਉਣ ਦੀ ਲੋੜ ਹੈ ਅਤੇ ਇਸ ਲਈ ਉਹ ਲਗਾਤਾਰ ਯਤਨ ਕਰ ਰਹੇ ਹਨ ਅਤੇ ਚੋਣਾਂ ਤੋਂ ਬਾਅਦ ਉਹ ਮੋਦੀ ਸਰਕਾਰ ਦੇ ਆਈ.ਟੀ ਮੰਤਰੀ ਨਾਲ ਗੱਲ ਕਰਨਗੇ। ਸ੍ਰੀ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਵਿੱਚ ਰੇਲ ਕੋਚ ਫੈਕਟਰੀ ਲਾਉਣ ਬਾਰੇ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨਾਲ ਵੀ ਗੱਲਬਾਤ ਹੋਈ ਹੈ। ਰੇਲ ਮੰਤਰੀ ਨੇ ਮੈਨੂੰ ਪੂਰਾ ਭਰੋਸਾ ਦਿੱਤਾ ਹੈ ਕਿ ਮੰਤਰਾਲੇ ਓਹਨਾ ਦੀ ਬੇਨਤੀ ਤੇ ਜਰੂਰ ਵਿੱਚਾਰ ਕਰੇਗਾ। ਡਾ: ਸ਼ਰਮਾ ਨੇ ਕਿਹਾ ਕਿ ਜੇਕਰ ਇਹ ਦੋਵੇਂ ਗੱਲਾਂ ਪੂਰੀਆਂ ਕਰ ਲਈਆਂ ਗਈਆਂ ਤਾਂ ਉਹ ਦਿਨ ਦੂਰ ਨਹੀਂ ਜਦੋਂ ਮੁਹਾਲੀ ਪੂਰੇ ਪੰਜਾਬ ਵਿੱਚ ਨੌਜਵਾਨਾਂ ਨੂੰ ਨੌਕਰੀਆਂ ਦੇਣ ਵਾਲਾ ਸਭ ਤੋਂ ਵੱਡਾ ਹਲਕਾ ਬਣ ਜਾਵੇਗਾ। ਇਹ ਉਨ੍ਹਾਂ ਦਾ ਵਾਅਦਾ ਹੈ ਕਿ ਉਹ ਮੋਹਾਲੀ ਨੂੰ ਆਈਟੀ ਹੱਬ ਬਣਾਉਣ ਲਈ ਲੋੜੀਂਦਾ ਈਕੋ ਸਿਸਟਮ ਅਤੇ ਬੁਨਿਆਦੀ ਢਾਂਚਾ ਪ੍ਰਦਾਨ ਕਰਨਗੇ।

### ਲੋਕ ਸਭਾ ਚੋਣਾਂ 2024

# ਪੰਜਾਬ ਵਿੱਚ ਸੁਤੰਤਰ ਅਤੇ ਨਿਰਪੱਖ ਚੋਣਾਂ ਨੂੰ ਯਕੀਨੀ ਬਣਾਉਣ ਲਈ 80 ਫ਼ੀਸਦੀ ਪੁਲਿਸ ਬਲ ਤੇ ਕੇਂਦਰੀ ਬਲਾਂ ਦੀਆਂ 250 ਕੰਪਨੀਆਂ ਕੀਤੀਆਂ ਜਾਣਗੀਆਂ ਤਾਇਨਾਤ

**ਅੰਮ੍ਰਿਤਸਰ ਡਾ.ਰਾਜਿੰਦਰ ਰਿਖੀ**

ਸਰਹੱਦੀ ਸੂਬੇ ਵਿੱਚ ਆਗਾਮੀ ਲੋਕ ਸਭਾ ਚੋਣਾਂ ਨੂੰ ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚਾੜ੍ਹਨ ਦੇ ਉਦੇਸ਼ ਅਤੇ ਆਮ ਲੋਕਾਂ ਵਿੱਚ ਵਿਸ਼ਵਾਸ ਪੈਦਾ ਕਰਨ ਦੇ ਨਾਲ-ਨਾਲ ਸੰਵੇਦਨਸ਼ੀਲ ਅਤੇ ਅਤਿ-ਸੰਵੇਦਨਸ਼ੀਲ ਖੇਤਰਾਂ ਵਿੱਚ ਕਾਨੂੰਨ ਵਿਵਸਥਾ ਬਰਕਾਰ ਰੱਖਣ ਵਾਸਤੇ 80 ਫੀਸਦੀ ਪੁਲਿਸ ਬਲ ਤਾਇਨਾਤ ਕੀਤਾ ਜਾ ਰਿਹਾ ਹੈ ਅਤੇ ਕੇਂਦਰੀ ਬਲਾਂ ਦੀਆਂ ਘੱਟੋ-ਘੱਟ 225 ਹੋਰ ਕੰਪਨੀਆਂ ਜਲਦੀ ਹੀ ਸੂਬੇ ਵਿੱਚ ਪਹੁੰਚ ਜਾਣਗੀਆਂ। ਜ਼ਿਕਰਯੋਗ ਹੈ ਕਿ ਸੂਬੇ ਵਿੱਚ ਕੇਂਦਰੀ ਬਲਾਂ ਦੀਆਂ 25 ਕੰਪਨੀਆਂ ਪਹਿਲਾਂ ਹੀ ਤਾਇਨਾਤ ਕੀਤੀਆਂ ਜਾ ਚੁੱਕੀਆਂ ਹਨ। ਇਹ ਜਾਣਕਾਰੀ ਅੱਜ ਇੱਥੇ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਦਿੱਤੀ।ਸਪੈਸ਼ਲ ਡੀਜੀਪੀ ਜੋ ਕਿ ਅੱਜ ਅੰਮ੍ਰਿਤਸਰ ਅਤੇ ਜਲੰਧਰ ਦੇ ਦੌਰੇ 'ਤੇ ਸਨ, ਨੇ ਆਮ ਸੰਸਦੀ ਚੋਣਾਂ-2024 ਦੀਆਂ ਤਿਆਰੀਆਂ ਅਤੇ ਇਸ ਸਬੰਧੀ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਦੋਵੇਂ ਬਾਰਡਰ ਰੇਂਜਾਂ ਦੇ ਆਈਜੀਪੀ/ਡੀਆਈਜੀ, ਸੀਪੀਜ਼ ਅਤੇ ਐਸਐਸਪੀਜ਼ ਨਾਲ ਰੇਂਜ ਪੱਧਰੀ ਮੀਟਿੰਗਾਂ ਕੀਤੀਆਂ। ਅੰਮ੍ਰਿਤਸਰ ਦੀ ਮੀਟਿੰਗ ਵਿੱਚ ਡਿਪਟੀ ਇੰਸਪੈਕਟਰ ਜਨਰਲ ਆਫ਼



ਪੁਲਿਸ (ਡੀਆਈਜੀ) ਬਾਰਡਰ ਰੇਂਜ ਰਾਕੇਸ਼ ਕੁਮਾਰ ਕੌਸ਼ਲ ਅਤੇ ਕਮਿਸ਼ਨਰ ਆਫ਼ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਹਾਜ਼ਰ ਸਨ, ਜਦੋਂ ਕਿ ਜਲੰਧਰ ਰੇਂਜ ਦੀ ਮੀਟਿੰਗ ਵਿੱਚ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਐਸ ਬੂਪਤੀ ਅਤੇ ਸੀਪੀ ਜਲੰਧਰ ਸਵਪਨ ਸ਼ਰਮਾ ਹਾਜ਼ਰ ਸਨ।ਸੂਬੇ ਵਿੱਚ ਸਕਾਰਾਤਮਕ ਮਾਹੌਲ ਸਿਰਜਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਸਾਰੇ ਪੁਲਿਸ ਅਧਿਕਾਰੀਆਂ ਨੂੰ ਪੇਸ਼ੇਵਰ ਪੁਲਿਸਿੰਗ ਕਰਨ ਅਤੇ ਕਿਸੇ ਨੂੰ ਵੀ ਸੂਬੇ ਦੀ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨ ਦੀ ਇਜਾਜ਼ਤ ਨਾ ਦੇਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਅਧਿਕਾਰੀਆਂ ਨੂੰ ਸੂਬੇ ਵਿੱਚ ਨਸ਼ਿਆਂ ਅਤੇ ਨਾਜਾਇਜ਼ ਸ਼ਰਾਬ ਦੀ ਆਮਦ ਨੂੰ ਰੋਕਣ ਲਈ ਸੂਬੇ ਵਿੱਚ ਆਉਣ-ਜਾਣ ਵਾਲੇ ਵਾਹਨਾਂ ਖਾਸ ਕਰਕੇ ਵਪਾਰਕ ਵਾਹਨਾਂ ਦੀ ਚੈਕਿੰਗ ਤੇਜ਼ ਕਰਨ ਦੇ ਹੁਕਮ ਦਿੱਤੇ। ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਘਿਨਾਉਣੇ ਅਪਰਾਧਾਂ, ਨਸ਼ਾ ਤਸਕਰੀ ਅਤੇ ਲੁੱਟ-ਖੋਹ ਵਿੱਚ ਸ਼ਾਮਲ ਦੋਸ਼ੀਆਂ ਨੂੰ ਫੜਨ ਲਈ ਵਿਸ਼ੇਸ਼ ਉਪਰਾਲੇ ਕਰਨ ਦੇ ਨਾਲ-ਨਾਲ ਚੋਣਾਂ ਨਾਲ ਸਬੰਧਤ ਅਪਰਾਧਾਂ ਦੇ ਮਾਮਲਿਆਂ ਦੀ ਜਾਂਚ ਅਤੇ ਮੁਕੱਦਮੇ ਦੀ ਕਾਰਵਾਈ ਵਿੱਚ ਤੇਜ਼ੀ ਲਿਆਉਣ।ਦੱਸਣਯੋਗ ਹੈ ਕਿ ਪੰਜਾਬ ਪੁਲਿਸ ਨੇ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਲੈ ਕੇ ਹੁਣ ਤੱਕ 5.45 ਕਰੋੜ ਰੁਪਏ ਦੀ ਨਕਦੀ, 11.49 ਲੱਖ ਲੀਟਰ ਸ਼ਰਾਬ ਅਤੇ 99.62 ਕਿਲੋਗ੍ਰਾਮ ਨਸ਼ੀਲੇ ਪਦਾਰਥ ਬਰਾਮਦ ਕੀਤੇ ਹਨ।ਜ਼ਿਕਰਯੋਗ ਹੈ ਕਿ ਸਪੈਸ਼ਲ ਡੀਜੀਪੀ ਨੇ ਆਮ ਪੋਲਿੰਗ ਬੂਥਾਂ ਅਤੇ ਨਾਜ਼ੁਕ ਤੇ ਸੰਵੇਦਨਸ਼ੀਲ ਪੋਲਿੰਗ ਬੂਥਾਂ 'ਤੇ ਬਲਾਂ ਦੀ ਤਾਇਨਾਤੀ ਸਬੰਧੀ ਨਿਯਮਾਂ ਬਾਰੇ ਵੀ ਅਧਿਕਾਰੀਆਂ ਨੂੰ ਜਾਣੂ ਕਰਵਾਇਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਉਮੀਦਵਾਰਾਂ ਨੂੰ ਸੁਰੱਖਿਆ ਪ੍ਰਦਾਨ ਕਰਨ ਸਬੰਧੀ ਨਿਯਮਾਂ ਬਾਰੇ ਵੀ ਜਾਣਕਾਰੀ ਦਿੱਤੀ।

# 15,000 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਬੁੱਧਵਾਰ ਨੂੰ ਹੁਸ਼ਿਆਰਪੁਰ ਜ਼ਿਲ੍ਹੇ ਦੇ ਮਾਲ ਹਲਕਾ ਪੰਡੋਰੀ ਸਰਕਲ ਵਿੱਚ ਬਤੌਰ ਪਟਵਾਰੀ ਤਾਇਨਾਤ ਰਮੇਸ਼ ਕੁਮਾਰ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮਾਲ ਅਧਿਕਾਰੀ ਨੂੰ ਹੁਸ਼ਿਆਰਪੁਰ ਦੇ ਪਿੰਡ ਤਨੂਲੀ ਦੀ ਵਸਨੀਕ ਜਸਵਿੰਦਰ ਕੌਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ।ਉਸਨੇ ਅੱਗੇ ਦੱਸਿਆ ਕਿ ਉਕਤ ਸ਼ਿਕਾਇਤਕਰਤਾ ਨੇ ਆਪਣੇ ਪਤੀ ਸਮੇਤ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਕਤ ਪਟਵਾਰੀ ਉਸਦੀ ਨਨਾਣ ਨੂੰ ਜ਼ਿੰਦਾ ਹੋਣ ਸਬੰਧੀ ਸਰਟੀਫਿਕੇਟ ਜਾਰੀ ਕਰਨ ਬਦਲੇ 15,000 ਰੁਪਏ ਦੀ ਮੰਗ ਕਰ ਰਿਹਾ ਹੈ ਅਤੇ ਇਹ ਪੈਸੇ ਦੇਣ ਲਈ ਉਸਦੇ ਮੋਬਾਈਲ ਫੋਨ 'ਤੇ ਸੁਨੇਹਾ ਭੇਜਿਆ ਹੈ ਕਿ ਜੇਕਰ ਜਲਦ ਪੈਸੇ ਨਾ ਦਿੱਤੇ ਤਾਂ ਕੁਝ ਦਿਨਾਂ ਬਾਅਦ ਰਿਸ਼ਵਤ ਦੀ ਰਕਮ ਵਧ ਕੇ 20,000 ਰੁਪਏ ਹੋ ਜਾਵੇਗੀ। ਉਸਨੇ ਅੱਗੇ ਦੱਸਿਆ ਕਿ ਉਕਤ ਪਟਵਾਰੀ ਨੇ ਉਸਦੀ ਫੋਨ ਕਾਲ ਦੌਰਾਨ 15,000 ਰੁਪਏ ਦੀ ਰਿਸ਼ਵਤ ਲੈਣ ਲਈ ਜ਼ੋਰ ਪਾਇਆ ਹੈ।ਸ਼ਿਕਾਇਤਕਰਤਾ ਨੇ ਅੱਗੇ ਇਹ ਵੀ ਦੱਸਿਆ ਕਿ ਉਕਤ ਪਟਵਾਰੀ ਨੇ ਪਹਿਲਾਂ ਉਨਾਂ ਦੀ ਜ਼ਮੀਨ ਦਾ ਇੰਤਕਾਲ ਮਾਲ ਰਿਕਾਰਡ ਵਿੱਚ ਦਰਜ ਕਰਨ ਬਦਲੇ ਉਸਦੇ ਪਤੀ ਤੋਂ 25,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਸੀ ਅਤੇ ਇਸ ਕੰਮ ਨੂੰ ਪੂਰਾ ਕਰਨ ਬਦਲੇ 15,000 ਰੁਪਏ ਦੀ ਰਿਸ਼ਵਤ ਲਈ ਸੀ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿੱਚ ਸ਼ਿਕਾਇਤਕਰਤਾ ਪਾਸੋਂ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਅਤੇ ਉਸ ਕੋਲੋਂ ਰਿਸ਼ਵਤ ਦੀ ਰਕਮ ਵੀ ਮੌਕੇ ਉੱਤੇ ਹੀ ਬ੍ਰਾਮਦ ਕਰ ਲਈ।

ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਉਕਤ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ



ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।



AAM AADMI PARTY
VOTE & SUPPORT
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GULINDER GILL


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828


aap
AAM AADMI PARTY
VOTE & SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GURDEEP GILL

# ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਰਾਜਾਸਾਂਸੀ 'ਚ ਚੋਣ ਦਫ਼ਤਰ ਖੋਲ੍ਹਿਆ

ਕੈਲੀਫੋਰਨੀਆ
ਸਾਂਝੀ ਸੋਚ ਬਿਊਰੋ



ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਹਲਕਾ ਰਾਜਾਸਾਂਸੀ ਵਿਖੇ ਚੋਣ ਦਫ਼ਤਰ ਦਾ ਉਦਘਾਟਨ ਕੀਤਾ । ਇਸ ਮੌਕੇ ਹਲਕਾ ਇੰਚਾਰਜ ਮੁਖਵਿੰਦਰ ਸਿੰਘ ਮਾਹਲ ਵੀ ਮੌਜੂਦ ਸਨ। ਸੰਧੂ ਸਮੁੰਦਰੀ ਨੇ ਇਸ ਮੌਕੇ ਕਿਹਾ ਕਿ ਰਾਜਾਸਾਂਸੀ ਜਿੱਥੇ ਅੰਤਰਰਾਸ਼ਟਰੀ ਹਵਾਈ ਅੱਡਾ ਹੋਣ ਦੇ ਬਾਵਜੂਦ ਵਿਕਾਸ ਨਹੀਂ ਹੋਇਆ, ਇਸ ਦੇ ਲਈ ਇੱਥੋਂ ਦਾ ਐੱਮ ਪੀ ਆਪਣੀ ਜ਼ਿੰਮੇਵਾਰੀ ਤੋਂ ਪੱਲਾ ਨਹੀਂ ਛੁਡਾ ਸਕਦਾ। ਉਨ੍ਹਾਂ ਕਿਹਾ ਕਿ ਇਥੇ ਸੀਵਰੇਜ ਦੀ ਸਮੱਸਿਆ ਹੈ ਪਰ ਸਰਕਾਰ ਅਤੇ ਚੁਣੇ ਹੋਏ ਐੱਮ ਪੀ ਨੇ 7 ਸਾਲਾਂ ਵਿਚ ਵੀ ਕੁਝ ਨਹੀਂ ਕੀਤਾ ਹੈ।

ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਨੂੰ ਉਪਰ ਚੁੱਕਿਆ ਹੈ, ਅੱਜ ਹੋਰਨਾਂ ਦੇਸ਼ਾਂ ਵੱਲੋਂ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਭਾਰਤ ਵਲ ਦੇਖਿਆ ਜਾ ਰਿਹਾ ਹੈ ਅਤੇ ਸਮਾਧਾਨ ਲਈ ਮੋਦੀ ਨੂੰ ਫ਼ੋਨ ਕੀਤੇ ਜਾ ਰਹੇ ਹਨ,ਅਜਿਹੀ ਸਥਿਤੀ ਵਿਚ ਰਾਜ ਸਰਕਾਰ ਅਤੇ ਲੋਕ ਨੁਮਾਇੰਦੇ ਤੇ ਮੌਜੂਦਾ ਐੱਮ ਪੀ ਵੱਲੋਂ ਅੰਮ੍ਰਿਤਸਰ ਦੇ ਲੋਕਾਂ ਨੂੰ ਸਥਾਨਕ ਪ੍ਰੇਸ਼ਾਨੀਆਂ ਤੋਂ ਨਿਜਾਤ ਨਾ ਦਿਵਾ ਸਕਣਾ ਸ਼ਰਮ ਦੀ ਗਲ ਹੈ। ਇਸ ਲਈ ਲੋਕਾਂ ਦੀਆਂ ਪ੍ਰੇਸ਼ਾਨੀਆਂ ਦਾ ਹੱਲ ਨਾ ਕੱਢਣ ਵਾਲੀ ਸਰਕਾਰ ਅਤੇ ਲੋਕ ਨੁਮਾਇੰਦਿਆਂ ਨੂੰ ਇਸ ਵਾਰ ਲੋਕ ਸਬਕ ਸਿਖਾਉਣਗੇ।

ਉਨ੍ਹਾਂ ਕਿਹਾ ਕਿ ਰੁਜ਼ਗਾਰ ਅਤੇ ਇੰਡਸਟਰੀ ਨੂੰ ਮੁੜ ਲੀਹਾਂ 'ਤੇ ਸਥਾਪਿਤ ਕਰਨ ਦੀ ਸਮਰੱਥਾ ਕੇਵਲ ਭਾਜਪਾ ਕੋਲ ਹੀ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿਚ ਅਮਰੀਕਨ ਕੌਂਸਲੇਟ ਖੋਲ੍ਹਿਆ ਜਾਵੇਗਾ।

ਇਥੇ ਅਮਰੀਕਾ ਅਤੇ ਏਅਰ ਕੈਨੇਡਾ ਦੀਆਂ ਫਲਾਈਟਾਂ ਸਿੱਧੀਆਂ ਆਉਣਗੀਆਂ। ਉਨ੍ਹਾਂ ਦੱਸਿਆ ਕਿ ਦੋ ਅਪ੍ਰੈਲ ਨੂੰ ਅੰਮ੍ਰਿਤਸਰ ਵਿਖੇ ਉਨ੍ਹਾਂ ਵੱਲੋਂ ਕੀਤੇ ਗਏ ਬਿਜ਼ਨਸ ਸੰਮੇਲਨ ਦੌਰਾਨ ਲਏ ਗਏ ਫ਼ੈਸਲਿਆਂ ਨੂੰ ਬੂਰ ਲੱਗਿਆ ਹੈ। ਅਮਰੀਕਾ ਦੇ ਭਾਰਤੀ ਪ੍ਰਵਾਸੀਆਂ ਜਿਨ੍ਹਾਂ 'ਚੋਂ ਜ਼ਿਆਦਾਤਰ ਸੰਬੰਧ ਅੰਮ੍ਰਿਤਸਰ ਨਾਲ ਹਨ, ਵੱਲੋਂ ਗੁਰੂ ਨਗਰੀ ਪ੍ਰਤੀ ਸਮਰਪਣ ਭਾਵਨਾ ਦਾ ਪ੍ਰਗਟਾਵਾ ਕਰਦਿਆਂ 850 ਕਰੋੜ ਰੁਪਏ ਫ਼ੰਡ ਇਕੱਠਾ ਕੀਤਾ ਗਿਆ ਹੈ, ਜਿਸ ਨਾਲ ਅੰਮ੍ਰਿਤਸਰ ਵਿਚ ਨੌਜਵਾਨ ਸਟਾਰਟ ਅੱਪ ਸ਼ੁਰੂ ਕਰ ਸਕਣਗੇ। ਇਸ ਮੌਕੇ ਹਲਕਾ ਇੰਚਾਰਜ ਮੁਖਵਿੰਦਰ ਸਿੰਘ ਮਾਹਲ ਨੇ ਕਿਹਾ ਕਿ ਭਾਜਪਾ ਦੀ ਨਰਿੰਦਰ ਮੋਦੀ ਸਰਕਾਰ ਦਾ ਅਗਲਾ ਲਕਸ਼ ਅੰਮ੍ਰਿਤਸਰ ਦੇ ਵਿਚ ਵਪਾਰ ਅਤੇ ਇੰਡਸਟਰੀ ਨੂੰ ਮੁੜ ਲੀਹਾਂ 'ਤੇ ਲਿਆਉਣ ਦਾ ਹੈ। ਇਸ ਕਾਰਜ ਲਈ ਤਰਨਜੀਤ ਸਿੰਘ ਸੰਧੂ ਨੂੰ ਪਾਰਲੀਮੈਂਟ 'ਚ ਭੇਜਿਆ ਜਾਣਾ ਜ਼ਰੂਰੀ ਹੈ। ਉਨ੍ਹਾਂ ਕਮਲ ਦੇ ਫੁੱਲ 'ਤੇ ਮੋਹਰ ਲਾ ਕੇ ਭਾਜਪਾ ਉਮੀਦਵਾਰ ਸੰਧੂ ਸਮੁੰਦਰੀ ਨੂੰ ਕਾਮਯਾਬ ਕਰਨ ਦੀ ਅਪੀਲ ਕੀਤੀ।

# ਪੰਜਾਬ 'ਚ ਆਮ ਆਦਮੀ ਪਾਰਟੀ ਨੂੰ ਮਿਲੀ ਵੱਡੀ ਮਜ਼ਬੂਤੀ
## ਵਿਰੋਧੀ ਪਾਰਟੀਆਂ ਦੇ ਕਈ ਵੱਡੇ ਆਗੂ ਹੋਏ 'ਆਪ' 'ਚ ਸ਼ਾਮਲ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਕਈ ਲੋਕ ਸਭਾ ਹਲਕਿਆਂ ਵਿੱਚ ਆਮ ਆਦਮੀ ਪਾਰਟੀ (ਆਪ) ਨੂੰ ਵੱਡਾ ਹੁਲਾਰਾ ਮਿਲਿਆ ਹੈ। ਬੁੱਧਵਾਰ ਨੂੰ ਕਾਂਗਰਸ ਅਤੇ ਅਕਾਲੀ-ਬਸਪਾ ਗੱਠਜੋੜ ਦੇ ਕਈ ਸੀਨੀਅਰ ਆਗੂ ਇਨ੍ਹਾਂ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। 'ਆਪ' ਪੰਜਾਬ ਦੇ ਪ੍ਰਧਾਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਰਸਮੀ ਤੌਰ 'ਤੇ ਸਾਰੇ ਆਗੂਆਂ ਨੂੰ ਪਾਰਟੀ 'ਚ ਸ਼ਾਮਲ ਕਰਵਾਇਆ ਅਤੇ 'ਆਪ' ਪਰਿਵਾਰ 'ਚ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਵੱਡੇ ਆਗੂਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਅੰਮ੍ਰਿਤਸਰ, ਸੰਗਰੂਰ ਅਤੇ ਪਟਿਆਲਾ ਲੋਕ ਸਭਾ ਹਲਕਿਆਂ ਵਿੱਚ ਆਮ ਆਦਮੀ ਪਾਰਟੀ ਹੋਰ ਵੀ ਮਜ਼ਬੂਤ ਹੋਈ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਲਹਿਰ ਹੈ। ਅਸੀਂ ਇਹ ਚੋਣ 13-0 ਨਾਲ ਜਿੱਤ ਰਹੇ ਹਾਂ। ਅੰਮ੍ਰਿਤਸਰ 'ਚ ਆਮ ਆਦਮੀ ਪਾਰਟੀ ਨੇ ਅਕਾਲੀ ਦਲ ਤੇ ਬਸਪਾ ਨੂੰ ਵੱਡਾ ਝਟਕਾ ਦਿੱਤਾ ਹੈ। ਅਕਾਲੀ-ਬਸਪਾ ਗੱਠਜੋੜ ਅਧੀਨ ਅੰਮ੍ਰਿਤਸਰ ਕੇਂਦਰੀ ਹਲਕੇ ਤੋਂ 2022 ਦੀਆਂ ਵਿਧਾਨ ਸਭਾ ਚੋਣਾਂ ਲੜਨ ਵਾਲੀ ਦਲਵੀਰ ਕੌਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਈ ਹਨ। ਦਲਵੀਰ ਕੌਰ ਅੰਮ੍ਰਿਤਸਰ ਕੇਂਦਰੀ ਵਿਧਾਨ ਸਭਾ ਹਲਕੇ ਤੋਂ ਬਸਪਾ ਦੀ ਮੌਜੂਦਾ ਹਲਕਾ ਇੰਚਾਰਜ ਵੀ ਸਨ।

ਉੱਥੇ ਹੀ ਮਲੇਰਕੋਟਲਾ 'ਚ 'ਆਪ' ਨੇ ਕਾਂਗਰਸ ਨੂੰ ਵੀ ਵੱਡਾ ਝਟਕਾ ਦਿੱਤਾ ਹੈ। ਕਾਂਗਰਸ ਦੇ ਸੀਨੀਅਰ ਨੇਤਾ ਅਤੇ ਵਕਫ਼ ਬੋਰਡ ਦੇ ਸਾਬਕਾ ਮੈਂਬਰ ਨਦੀਮ ਅਨਵਰ ਖ਼ਾਨ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ ਹਨ। ਨਦੀਮ ਅਨਵਰ ਖ਼ਾਨ ਸਾਬਕਾ ਵਿਧਾਇਕ ਹਾਜੀ ਅਨਵਰ ਅਹਿਮਦ ਖ਼ਾਨ ਦੇ ਪੁੱਤਰ ਹਨ। ਉਹ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਦੇ ਮੈਂਬਰ ਵੀ ਰਹਿ ਚੁੱਕੇ ਹਨ। ਇਨ੍ਹਾਂ ਤੋਂ ਇਲਾਵਾ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਸ਼ੈਬੀ ਖ਼ਾਨ ਵੀ 'ਆਪ' ਵਿੱਚ ਸ਼ਾਮਲ ਹੋ ਗਏ। ਇਸ ਮੌਕੇ 'ਤੇ ਮਲੇਰਕੋਟਲਾ ਤੋਂ 'ਆਪ' ਵਿਧਾਇਕ ਜਮੀਲ ਉਰ ਰਹਿਮਾਨ ਵੀ ਮੌਜੂਦ ਸਨ। ਪਟਿਆਲਾ ਵਿੱਚ ਵੀ ਆਮ ਆਦਮੀ ਪਾਰਟੀ ਨੂੰ ਮਜ਼ਬੂਤੀ ਮਿਲੀ ਹੈ। ਇੱਥੇ ਕਾਂਗਰਸ ਅਤੇ ਅਕਾਲੀ ਦਲ ਦੇ ਕਈ ਆਗੂ, ਕੌਂਸਲਰ ਅਤੇ ਸਾਬਕਾ ਕੌਂਸਲਰ 'ਆਪ' ਵਿੱਚ ਸ਼ਾਮਲ ਹੋਏ। ਪਟਿਆਲਾ ਤੋਂ ਰਣਜੀਤ ਸਿੰਘ ਨਿਕਰਾ, ਸ਼ੰਮੀ (ਸਾਬਕਾ ਕੌਂਸਲਰ ਕਾਂਗਰਸ), ਰਵਿੰਦਰਪਾਲ ਪ੍ਰਿੰਸ ਲਾਂਬਾ (ਕੌਂਸਲਰ, ਅਕਾਲੀ ਦਲ ਪਟਿਆਲਾ), ਨਵਨੀਤ ਵਾਲੀਆ (ਅਕਾਲੀ ਦਲ) ਹੈਰੀ ਮੁਖਮਹਿਲਪੁਰ, ਮੌਂਟੀ ਗਰੋਵਰ (ਅਕਾਲੀ ਦਲ), ਸਿਮਰਨ ਗਰੇਵਾਲ (ਸੀਨੀਅਰ ਮੀਤ ਪ੍ਰਧਾਨ) ਸ਼੍ਰੋਮਣੀ ਅਕਾਲੀ ਦਲ ਪਟਿਆਲਾ, ਰਮਨ ਧਾਲੀਵਾਲ (ਕਿਸਾਨ ਆਗੂ ਪਟਿਆਲਾ) ਆਦਿ ਬੁੱਧਵਾਰ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ ਅਤੇ 'ਆਪ'ਆਗੂ ਹਰਪਾਲ ਜੁਨੇਜਾ ਹਾਜ਼ਰ ਸਨ।








# GINNY BEDI LAW PC



## Ginny Bedi Attorney

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

**ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।**

**255 N Market St Ste 150 San Jose CA 95110**

**Tel: (408) 800-0242 Fax: (408) 800-0240, Mobile: (408) 802-2501**

**Email: ginny@ginnybedilaw.com Web: www.ginnybedilaw.com**

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

**Email: palfilms@yahoo.com, palfilms925@gmail.com, www.palfilms.com**

**4007 Railroad Ave**
**Pittsburgh, CA 94565**


ਸ਼੍ਰੋਮਣੀ ਅਕਾਲੀ ਦਲ
VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
BHUPINDER SINGH JADLA


AAA
TRUCK WASH
ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ
ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ
Our Locations :-
Delhi | Merced | Madera | Santa Nella
Tracy | San Fransisco | Corning
Old Truck Stop Gemco Ripon Next to Flying J, Santos Ave ਦੇ ਉੱਤੇ
Find nearest Location & Hours
Call at 1800-405-9274 or visit our website for
credit application to open credit account with our company
ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ
Tire Shop, Repair Shop, Oil & Lube Shop available on our locations
Website:- www.aaatruckwash.com

## ਸੱਦਾ ਪੱਤਰ

# ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ (ਰਜਿ.)

ਸੈਕਰਾਮੈਂਟੋ/ਯੂਬਾ ਸਿਟੀ

ਵੱਲੋਂ 20ਵੀਂ

# ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ

## ਮਈ 19, ਐਤਵਾਰ, 2024, ਸਵੇਰੇ 9 ਵਜੇ ਤੋਂ 6 ਵਜੇ ਤੱਕ

**ਸਥਾਨ:** Pooja Restaurant, 1223 Merkely Ave. West Sacramento, 95691

### ਪ੍ਰੋਗਰਾਮ

- ਉਦਘਾਟਨ: 9.00 ਵਜੇ ਸਵੇਰੇ
- ਕਵੀ ਸੰਮੇਲਨ: 11.00 ਵਜੇ
- ਦੁਪਹਿਰ ਦਾ ਖਾਣਾ: 1.30 ਵਜੇ
- ਪੰਜਾਬੀ ਸਾਹਿਤ ਵਿਚਾਰ ਵਟਾਂਦਰਾ: 2.00 ਵਜੇ
- ਗੀਤ ਸੰਗੀਤ: 5.00 ਵਜੇ ਸ਼ਾਮ

ਆਪ ਜੀ ਨੂੰ ਬੇਨਤੀ ਹੈ ਕਿ ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ ਦੀ 20ਵੀਂ ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ ਮਿਤੀ 19 ਮਈ, 2024 ਨੂੰ ਹੋ ਰਹੀ ਹੈ। ਇਸ ਮੌਕੇ ਪੰਜਾਬੀ ਸਾਹਿਤ ਬਾਰੇ ਪਰਚੇ ਪੜ੍ਹੇ ਜਾਣਗੇ। ਕਵੀ ਸੰਮੇਲਨ ਹੋਵੇਗਾ। ਪੰਜਾਬੀ ਮਾਂ ਬੋਲੀ ਬਾਰੇ ਵਿਚਾਰ ਚਰਚਾ ਹੋਵੇਗੀ। ਇਸ ਤੋਂ ਇਲਾਵਾ ਗੀਤ-ਸੰਗੀਤ ਹੋਵੇਗਾ। ਆਪ ਜੀ ਨੂੰ ਬੇਨਤੀ ਹੈ ਕਿ ਆਪ ਇਸ ਮੌਕੇ ਪਹੁੰਚ ਕੇ ਕਾਨਫਰੰਸ ਦੀ ਰੌਣਕ ਨੂੰ ਵਧਾਉ।

ਦਲਵੀਰ 'ਦਿਲ' ਨਿੱਜਰ
ਪ੍ਰਧਾਨ
916-628-2210

ਉਡੀਕਵਾਨ:
**ਸਮੁੱਚੀ ਪੰਜਾਬੀ ਸਾਹਿਤ ਸਭਾ, ਕੈਲੀਫੋਰਨੀਆ**

ਗੁਰਜਤਿੰਦਰ ਸਿੰਘ ਰੰਧਾਵਾ
ਜਨਰਲ ਸਕੱਤਰ
916-320-9444

---

## *Invitation by*

# Punjabi Sahit Sabha, California

*Sacramento/Yuba City*

*20th*

# *International Punjabi Conference*

***Place:** Pooja Restaurant, 1223 Merkely Ave. West Sacramento, 95691*

### *Programme*

- Opening Ceremony: 9am
- Poetry (Kavi Sammelan): 11am
- Lunch: 1:30pm
- Discussions on Punjabi Language: 2pm
- Cultural Program: 5pm onwards.

You are cordially Invited to the International 20th Punjabi Conference of Punjabi Sahit Sabha, California to be held on May 19, 2024. Scholars of Punjabi Language and Literature will present their papers. There will be a poetry session, discussions and a Musical night. We hope you will grace the occasion with your presence.

**Dalvir 'Dil' Nijjar**
President
916-628-2210

*With Best Complements from*
*All Members*
*Punjabi Sahit Sabha, California*

**Gurjatinder Singh Randhawa**
General Secretary
916-320-9444

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

Where Hope Meets

IMMIGRATION OPPORTUNITIES

USA SERVICES :
- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

INDIAN SERVICES :
- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ



ਬਰਜਿੰਦਰ ਕੌਰ ਬਿਸਰਾਓ
99889-01324

# ਵਲਵਲੇ

ਵਲਵਲਾ ਸ਼ਬਦ ਆਪਣੇ ਆਪ ਵਿੱਚ ਸਿੱਧੇ ਤੌਰ ਤੇ ਸਿਰਫ਼ ਮਨ ਨਾਲ ਹੀ ਸਬੰਧ ਰੱਖਦਾ ਹੈ।ਅਸਲ ਵਿੱਚ ਮਨੋਵਿਗਿਆਨਕ ਦ੍ਰਿਸ਼ਟੀਕੋਣ ਜਾਂ ਫ਼ਲਸਫ਼ੇ ਦੇ ਅਧਾਰ ਤੇ ਦੇਖੀਏ ਤਾਂ ਵਲਵਲਾ ਜਿਸ ਨੂੰ ਭਾਵਨਾ ਵੀ ਕਿਹਾ ਜਾਂਦਾ ਹੈ ਜਾਂ ਫਿਰ ਕਈ ਲੋਕ ਜਜ਼ਬਾ ਵੀ ਕਹਿ ਦਿੰਦੇ ਹਨ ,ਜੋ ਹਰ ਮਨੁੱਖ ਦਾ ਅੰਤਰਮੁਖੀ ਅਤੇ ਸੁਚੇਤ ਅਨੁਭਵ ਹੁੰਦਾ ਹੈ।ਇਹ ਮਨੁੱਖ ਦੁਆਰਾ ਜੀਵਨ ਵਿੱਚ ਵਿਚਰਦੇ ਹੋਏ ਮਾਨਸਿਕ ਤੌਰ ਤੇ ਵੱਖ ਵੱਖ ਅਨੁਭਵਾਂ ਅਨੁਸਾਰ ਬਦਲਦੀਆਂ ਮਾਨਸਿਕ ਸਥਿਤੀਆਂ ਦੇ ਭਾਵ ਹੁੰਦੇ ਹਨ। ਵਲਵਲੇ ਨੂੰ ਆਮ ਤੌਰ ਉੱਤੇ ਮੂਡ, ਸੁਭਾਅ, ਸ਼ਖ਼ਸੀਅਤ, ਮਿਜ਼ਾਜ ਅਤੇ ਪ੍ਰੇਰਨਾ ਨਾਲ਼ ਜੁੜਿਆ ਹੋਇਆ ਅਤੇ ਇੱਕ-ਦੂਜੇ ਉੱਤੇ ਅਸਰ ਪਾਉਂਦਾ ਸਮਝਿਆ ਜਾਂਦਾ ਹੈ।

ਵਲਵਲਿਆਂ ਤੋਂ ਉਤਪੰਨ ਹੋਣ ਵਾਲੀਆਂ ਪ੍ਰੇਰਨਾਂ ਭਾਵੇਂ ਅਗਾਂਹ-ਵਧੂ ਹੋਣ ਜਾਂ ਪਿਛਾਂਹ-ਹਟੂ ਇਹਨਾਂ ਉਪਰ ਵਲਵਲਿਆਂ ਦਾ ਇੱਕ ਵੱਡਾ ਹੱਥ ਹੁੰਦਾ ਹੈ।ਈਰਖਾ, ਅਕੇਵਾਂ, ਉਦਾਸੀ, ਖ਼ੁਸ਼ੀ, ਉਮੀਦ, ਗੁੱਸਾ, ਚਾਹਤ, ਚਿੰਤਾ, ਜਗਿਆਸਾ, ਚੜ੍ਹਦੀ ਕਲਾ, ਢਹਿੰਦੀ ਕਲਾ, ਡਰ, ਨਫ਼ਰਤ, ਨਿਰਾਸ਼ਾ, ਪਿਆਰ, ਬੇਪ੍ਰਵਾਹੀ, ਮੋਹ, ਰੋਮਾਂਸ, ਵਾਸਨਾ, ਸ਼ਰਮ, ਸ਼ੱਕ, ਸੋਗ, ਹੈਰਾਨੀ, ਬੇਵਸਾਹੀ, ਬੇਵਸੀ ਸਭ ਵਲਵਲੇ ਹੀ ਤਾਂ ਹਨ। ਮਨੁੱਖ ਜਿਹੋ ਜਿਹੇ ਹਾਲਾਤਾਂ ਵਿੱਚੋਂ ਗੁਜ਼ਰ ਰਿਹਾ ਹੁੰਦਾ ਹੈ,ਉਸ ਤਰ੍ਹਾਂ ਦੇ ਹੀ ਉਸ ਦੇ ਮਨ ਅੰਦਰ ਵਲਵਲੇ ਉਪਜਣ ਲੱਗਦੇ ਹਨ।

ਹਰ ਵਿਅਕਤੀ ਦੀ ਬਹੁਤੀ ਉਮਰ ਵਲਵਲਿਆਂ ਦੇ ਅਧਾਰ ਤੇ ਹੀ ਹੀ ਚੱਲਦੀ ਹੈ।ਕਿਤੇ ਨਫ਼ਰਤਾਂ ਵਿੱਚੋਂ ਜੇ ਕਿਤੇ ਪਿਆਰ ਦਾ ਵਲਵਲਾ ਉੱਠ ਪਵੇ ਤਾਂ ਰਿਸ਼ਤਿਆਂ ਨੂੰ ਜੋੜ ਦਿੰਦਾ ਹੈ ਤੇ ਚੜਦੀ ਕਲਾ ਵੱਲ ਲੈ ਤੁਰਦਾ ਹੈ,ਜੇ ਕਿਤੇ ਨਫ਼ਰਤਾਂ ਵਿੱਚੋਂ ਈਰਖਾ ਦਾ ਵਲਵਲਾ ਉਪਜ ਪਵੇ ਤਾਂ ਇਹ ਬਰਬਾਦੀ ਦੇ ਰਾਹ ਖੋਲ੍ਹ ਦਿੰਦਾ ਹੈ।ਜ਼ਰੂਰੀ ਨਹੀਂ ਕਿ ਮਨੁੱਖ ਦੇ ਅੰਦਰ ਇਕੱਲੇਪਣ ਦੌਰਾਨ ਹੀ ਵਲਵਲੇ ਉਪਜਦੇ ਹਨ। ਕਈ ਵਾਰ ਭਾਰੀ ਇਕੱਠ ਵਿੱਚ ਵੀ ਇੱਕ ਵਿਅਕਤੀ ਉੱਪਰ ਹੀ ਪਿਆਰ, ਨਫ਼ਰਤ,ਗੁੱਸਾ ਜਾਂ ਕਿਸੇ ਹੋਰ ਤਰ੍ਹਾਂ ਦਾ ਵਲਵਲਾ ਉਪਜਦਾ ਹੀ ਰਹਿੰਦਾ ਹੈ। ਮਨੁੱਖ ਦੇ ਮਨ ਦੇ ਅੰਦਰਲੇ ਵਲਵਲੇ ਸਾਗਰਾਂ ਵਿੱਚ ਉੱਠਣ ਵਾਲੀਆਂ ਛੱਲਾਂ ਵਾਂਗ ਉਛਾਲੇ ਮਾਰਦੇ ਹਨ।ਵਲਵਲਾ ਪਲ ਵਿੱਚ ਮਨ ਅੰਦਰ ਉਪਜੇ ਵੇਗ ਨੂੰ ਉਚਾਈਆਂ ਤੇ ਲੈ ਜਾਂਦਾ ਹੈ ਤੇ ਅਗਲੇ ਹੀ ਪਲ ਉਹ ਸ਼ਾਂਤ ਸਮਤਲ ਖੜੋਤ ਵਿੱਚ ਆ ਜਾਂਦਾ ਹੈ। ਮਨ ਦੇ ਵਲਵਲਿਆਂ ਵਿੱਚ ਬਹੁਤ ਉਧੇੜ- ਬੁਣ ਚੱਲਦੀ ਰਹਿੰਦੀ ਹੈ। ਆਪਣੇ ਆਪ ਹੀ ਅੰਦਰੋਂ ਸਵਾਲ ਉਪਜਦੇ ਹਨ ਤੇ ਆਪਣੇ ਆਪ ਹੀ ਜਵਾਬ ਲੱਭੇ ਜਾਂਦੇ ਹਨ।

ਇਸ ਤਰ੍ਹਾਂ ਅੰਤਰਮੁਖੀ ਸਵਾਲ ਜਵਾਬ ਦੇ ਸਿਲਸਿਲਿਆਂ ਤੋਂ ਕਈ ਵੱਡੀਆਂ ਵੱਡੀਆਂ ਸਮੱਸਿਆਵਾਂ ਦੇ ਹੱਲ ਵੀ ਲੱਭ ਪੈਂਦੇ ਹਨ,ਨਵੀਆਂ ਨਵੀਆਂ ਖੋਜਾਂ ਕੀਤੀਆਂ ਜਾਂਦੀਆਂ ਹਨ। ਵਲਵਲਾ ਅਕਸਰ ਮਨੁੱਖ ਦੇ ਵਰਤਮਾਨ ਪਲ ਦੇ ਮੂਡ ਤੇ ਵੀ ਨਿਰਭਰ ਕਰਦਾ ਹੈ। ਮਿਸਾਲ ਦੇ ਤੌਰ ਤੇ ਲੜਾਈ ਝਗੜੇ ਜਾਂ ਜੋਸ਼ੀਲੀਆਂ ਗਤੀਵਿਧੀਆਂ ਦੇਖਣ ਤੋਂ ਕੁਝ ਚਿਰ ਬਾਅਦ ਤੱਕ ਬਹੁਤ ਹੀ ਨਿਮਰਤਾ ਜਾਂ ਮਿਠਾਸ ਵਾਲ਼ਾ ਵਲਵਲਾ ਉਪਜਣ ਓਨਾਂ ਹੀ ਅਸੰਭਵ ਹੁੰਦਾ ਹੈ ਜਿਵੇਂ ਦਹੀਂ ਨੂੰ ਬਿਨਾਂ ਰਿੜਕੇ ਮੱਖਣ ਕੱਢਣਾ ਅਸੰਭਵ ਹੁੰਦਾ ਹੈ।ਵਲਵਲਾ ਹਰ ਮਨੁੱਖ ਦੇ ਆਪਣੇ ਆਪਣੇ ਸੁਭਾਅ ਵਿੱਚੋਂ ਉਪਜਦਾ ਹੈ। ਸੜੀਅਲ ਅਤੇ ਖਿਝੂ ਸੁਭਾਅ ਦੇ ਲੋਕ ਅਕਸਰ ਉਹਨਾਂ ਦੁਆਲ਼ੇ ਹੱਸ ਖੇਡ ਰਹੇ ਲੋਕਾਂ ਨੂੰ ਦੇਖ ਕੇ ਘੱਟ ਹੀ ਖ਼ੁਸ਼ ਹੁੰਦੇ ਹਨ।ਬਹੁਤਾ ਕਰਕੇ ਤਾਂ ਉਹ ਲੋਕ ਹੋਰਾਂ ਨੂੰ ਹੱਸਦਿਆਂ ਨੂੰ ਦੇਖ ਕੇ ਅੰਦਰ ਹੀ ਅੰਦਰ ਖਿੱਝਦੇ ਸੜਦੇ ਰਹਿੰਦੇ ਹਨ। ਵਲਵਲਾ ਹਰ ਮਨੁੱਖ ਦੀ ਸ਼ਖ਼ਸੀਅਤ ਮੁਤਾਬਕ ਹੀ ਪੈਦਾ ਹੁੰਦਾ ਹੈ ਅਤੇ ਇਹ ਵਲਵਲੇ ਸ਼ਖ਼ਸ਼ੀਅਤਾਂ ਨੂੰ ਨਿਖਾਰਨ ਜਾਂ ਵਿਗਾੜਨ ਵਿੱਚ ਵੀ ਸਹਾਈ ਹੁੰਦੇ ਹਨ।

ਚੜ੍ਹਦੀ ਕਲਾ ਵਿੱਚ ਰਹਿਣ ਵਾਲ਼ੀਆਂ ਸ਼ਖ਼ਸੀਅਤਾਂ ਵਿੱਚ ਹਮੇਸ਼ਾਂ ਚੜ੍ਹਦੀ ਕਲਾ ਦੇ ਭਾਵ ਹੀ ਉਪਜਦੇ ਹਨ ਜੋ ਉਹੋ ਜਿਹੀਆਂ ਸ਼ਖ਼ਸੀਅਤਾਂ ਨੂੰ ਦਿਨ ਬ ਦਿਨ ਨਿਖਾਰ ਕੇ ਹੋਰ ਚੜ੍ਹਦੀ ਕਲਾ ਵੱਲ ਲੈ ਜਾਂਦੇ ਹਨ। ਖ਼ੁਸ਼ ਮਿਜਾਜ਼ ਜਾਂ ਦੁਖੀ ਵਿਅਕਤੀਆਂ ਦੇ ਮਨਾਂ ਵਿੱਚ ਇੱਕੋ ਜਿਹੇ ਵਲਵਲੇ ਨਹੀਂ ਪੈਦਾ ਹੋ ਸਕਦੇ। ਹਰ ਮਨੁੱਖ ਦੇ ਵਲਵਲਿਆਂ ਤੋਂ ਪ੍ਰੇਰਨਾ ਪੈਦਾ ਹੁੰਦੀ ਹੈ। ਵਲਵਲੇ ਸਕਾਰਾਤਮਕ ਸੋਚ ਵਾਲੇ ਉਪਜ ਰਹੇ ਹਨ ਤਾਂ ਮਨੁੱਖ ਦੀ ਸ਼ਖ਼ਸੀਅਤ ਅਗਾਂਹਵਧੂ ਸੋਚ ਵਾਲੀ ਬਣ ਜਾਂਦੀ ਹੈ,ਜੇ ਉਹੀ ਵਲਵਲੇ ਨਾਕਾਰਾਤਮਕ ਅਤੇ ਢਹਿੰਦੀ ਕਲਾ ਵਾਲੇ ਹੋਣ ਤਾਂ ਉਹ ਉਸ ਨੂੰ ਨਿਰਾਸ਼ਤਾ ਦੇ ਡੂੰਘੇ ਖੂਹ ਵਿੱਚ ਉਤਾਰਦੇ ਹੋਏ ਇੱਕ ਦਿਨ ਡੋਬ ਕੇ ਰੱਖ ਦਿੰਦੇ ਹਨ। ਮਨੁੱਖ ਅਗਰ ਇੱਛਾ ਸ਼ਕਤੀ ਨੂੰ ਪ੍ਰਬਲ ਕਰਕੇ ਮਨ ਦੇ ਵਲਵਲਿਆਂ ਨੂੰ ਸ਼ਾਂਤ ਕਰਨਾ ਸਿੱਖ ਜਾਵੇ ਤਾਂ ਉਹ ਨਿਰਾਸ਼ਤਾ ਦੀਆਂ ਗਹਿਰਾਈਆਂ ਵਿੱਚ ਡੁੱਬਦੇ ਮਨ ਨੂੰ ਮੰਜ਼ਿਲਾਂ ਵੱਲ ਵਧਦੇ ਪੰਧਾਂ 'ਤੇ ਤੁਰਨਾ ਸਿਖਾ ਸਕਦਾ ਹੈ।







ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE
&
SUPPORT
ਹਲਕਾ
ਸੰਗਰੂਰ
ਹਲਕਾ
ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
SUMPREET SINGH
JK TYRE
2955 N WILSON WAY STOCKTON, CA 95205
+1 (510) 766-9382


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


JK TYRE INC
JK TYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
Feel the difference
BARKLEY
PIRELLI
MICHELIN
A better way forward
BRIDGESTONE
Firestone
YOKOHAMA
PEARLY
NAMA
TOYO TIRES
driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205

# ਖਰਗੋਸ਼



ਖੇਤਾਂ ਵਿੱਚ ਖਰਗੋਸ਼ ਆਇਆ,
ਉਸ ਨੂੰ ਮੈਂ ਘਾਹ ਪਾਇਆ ,
ਖੇਤਾਂ ਵਿੱਚ ਖਰਗੋਸ਼ ਆਇਆ,
ਉਸ ਨੂੰ ਮੈਂ ਘਾਹ ਪਾਇਆ,
ਟਪੂਸੀਆਂ ਮਾਰਦਾ ਜਾਵੇ
ਹੱਥ ਨਾ ਕਿਸੇ ਦੇ ਆਵੇ,
ਖੇਤਾਂ ਵਿੱਚ ਖਰਗੋਸ਼ ਆਇਆ,
ਉਸ ਨੂੰ ਮੈਂ ਘਾਹ ਪਾਇਆ।



**ਰਜਨੀਤ ਕੌਰ , ਜਮਾਤ ਤੀਸਰੀ**
**ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਗੰਭੀਰਪੁਰ ਲੋਅਰ, ਜਿਲ੍ਹਾ ਰੂਪਨਗਰ,**
**ਗਾਈਡ ਅਧਿਆਪਕ**
**ਮਾਸਟਰ ਸੰਜੀਵ ਧਰਮਾਣੀ**
**9478561356**

# ਹਕੀਕਤ

*-ਖਾਲੀ ਜੇਬ ਸਮੇਂ ਠੋਕਰਾਂ ਖਾ ਕੇ ਸਿੱਖਿਆਂ ਗੱਲਾਂ ਬੰਦੇ ਨੂੰ ਸਾਰੀ ਉਮਰ ਨਹੀਂ ਭੁੱਲਦੀਆਂ।

*-ਬਹੁਤ ਕੁੱਝ ਬਦਲ ਜਾਂਦਾ ਹੈ ਜੇਕਰ ਸੱਚ ਬਦਲ ਜਾਵੇ, ਸਭ ਕੁੱਝ ਹੀ ਬਦਲ ਜਾਂਦਾ ਹੈ ਜੇ ਇਨਸਾਨ ਬਦਲ ਜਾਵੇ।

*-ਉਨ੍ਹਾਂ ਜ਼ਖਮਾਂ ਨੂੰ ਭਰਨ ਚ ਸਮਾਂ ਲੱਗਦਾ, ਜਿਨ੍ਹਾਂ 'ਚ ਸ਼ਾਮਲ ਹੋਣ ਆਪਣਿਆਂ ਦੀਆਂ ਮਹਿਰਬਾਨੀਆਂ।

*-ਦੁਨੀਆਂ ਦੀ ਭੀੜ ਵਿੱਚ ਜਿੰਦਗੀ ਦਾ ਸਫਰ ਤਹਿ ਕਰੋਗੇ ਤਾਂ ਤੁਹਾਡੀ ਆਪਣੀ ਪਹਿਚਾਣ ਗੁੰਮ ਹੋ ਜਾਵੇਗੀ, ਭੀੜ ਤੋਂ ਅੱਲਗ ਹੋ ਕੇ ਚਲੋਗੇ ਤਾਂ ਦੁਨੀਆਂ ਵਿਰੋਧ ਕਰੇਗੀ, ਇਤਿਹਾਸ ਉਹਨਾਂ ਲੋਕਾਂ ਨੇ ਹੀ ਸਿਰਜਿਆ ਹੈ ਜਿਹੜੇ ਦੁਨੀਆਂ ਦੇ ਵਿਰੋਧ ਦੇ ਬਾਵਜੂਦ ਭੀੜ ਤੋਂ ਅੱਲਗ ਆਪਣਾ ਰਾਹ ਆਪ ਬਣਾਉਂਦੇ ਹਨ।

*-ਜਿਸ ਰਫਤਾਰ ਨਾਲ ਮੌਹਾਲੀ ਵਿਚ ਹਿਮਾਚਲੀਆਂ ਦੀ ਅਬਾਦੀ ਵੱਧ ਰਹੀ ਹੈ ਉਸ ਹਿਸਾਬ ਨਾਲ ਬਹੁਤ ਜਲਦੀ ਮੌਹਾਲੀ ਵੀ ਚੰਡੀਗੜ੍ਹ ਵਾਂਗ ਪੰਜਾ ਹੱਥੋਂ ਨਿਕਲ ਜਾਵੇਗਾ।

*-ਲਾਂਗਰੀ ਬਣ ਚੁੱਕੇ ਸਿੱਖਾਂ ਦੇ ਸਿਆਸੀ ਲੀਡਰੋ ਕਦੋਂ ਜਾਗੋਗੇ? ਤੁਹਾਨੂੰ ਕਦੋਂ ਅਕਲ ਆਵੇਗੀ? ਹਿਮਾਚਲ ਵਾਂਗ ਪੰਜਾਬ ਵਿੱਚ ਵੀ ਬਾਹਰਲਿਆਂ ਦੇ ਪ੍ਰਾਪਰਟੀ ਖਰੀਦਣ ਤੇ ਰੋਕ ਲਾਉਣ ਦੀ ਅਤੇ ਹਰਿਆਣਾ ਵਾਂਗ ਪੰਜਾਬ ਦੀਆਂ ਸਮੂੰਹ ਨੌਕਰੀਆਂ ਵਿੱਚ ਪੰਜਾਬ ਵਾਸੀਆਂ ਲਈ 75% ਰਿਜਰਵੇਸ਼ਨ ਕਰਨ ਲਈ। ਅਜਿਹੇ ਕਾਨੂੰਨਾਂ ਤੋਂ ਬਿਨਾਂ ਪੰਜਾਬ ਬਚ ਨਹੀਂ ਸਕਦਾ।

*-ਹਿੰਦੋਸਤਾਨ ਵਿੱਚ ਸਿੱਖਾਂ ਨੂੰ ਸਿਰਫ ਤਿੰਨ ਗੱਲਾਂ ਦੀ ਆਜ਼ਾਦੀ ਹੈ, 1-ਲੰਗਰ ਲਗਾਉਣਾ, 2-ਦਾਨ ਦੇਣਾ, 3-ਬਾਡਰਾਂ ਤੇ ਮਰਨਾ। ਆਪਣੇ ਹੱਕ ਮੰਗੋਗੇ ਤਾਂ ਅੱਤਵਾਦੀ ਵੱਖਵਾਦੀ ਅਖਵਾਉਗੇ।

*-ਫਾਸਟ ਫੂਡ ਖਾਣ ਨਾਲ ਬੰਦਾ ਫਾਸਟ ਨਹੀਂ ਹੁੰਦਾ, ਸਮਾਰਟ ਫੋਨ ਰੱਖਣ ਨਾਲ ਬੰਦਾ ਸਮਾਰਟ ਨਹੀਂ ਹੁੰਦਾ ਪਰ ਲੂਜ਼ ਮੋਸ਼ਨ ਹੋਣ ਨਾਲ ਬੰਦਾ ਲੂਜ਼ ਜਰੂਰ ਹੋ ਜਾਂਦਾ ਹੈ।

*-ਦੰਗਈਆਂ ਦਾ ਕੋਈ ਧਰਮ ਨਹੀਂ ਹੁੰਦਾ ਪਰ ਉਨਾਂ ਦੀ ਰਾਜਨੀਤਕ ਪਾਰਟੀ ਜ਼ਰੂਰ ਹੁੰਦੀ ਹੈ।



**Paramjit Singh Sekhon (Dakha)**
President, Dal Khalsa Alliance
1700 Shattuck Ave, # 303 Berkeley CA 94709. (510)774 5909.
*A Nonprofit Organization Dedicated to Public Awareness*





VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SHER SINGH CHUHAN


GLOBAL DEFENCE SCHOOL PATIALA
GLOBAL DEFENCE SCHOOL
AIM FOR EXCELLENCE
A Unique Boarding School Of Patiala
with Largest Campus
GLOBAL DEFENCE SCHOOL
Choose to shine LIKE THE RISING SUN.
ADMISSIONS
SESSION 2024-25 OPEN
Nursery to 7th
CBSE PATTERN
" THE BEST CHOICE FOR YOUR KIDS"
Enroll Now
Day Cum Residential School
+91 9872601534, +91 9023433311
admission@globaldefenceschool.com
Nabha-Patiala Road, Rakhra Pincode 147201

# ਇੱਕ ਪਤੀਵਰਤਾ ਔਰਤ ਦੀ ਬੇਮਿਸਾਲ ਕਹਾਣੀ ਹੈ ਫ਼ਿਲਮ "ਬੁੱਕਲ਼ ਦੇ ਸੱਪ"



ਸ਼ਿਵਚਰਨ ਜੱਗੀ ਕੁੱਸਾ
+44 7853317891




ਹਰ ਕਲਾ ਇੱਕ ਸਾਧਨਾ ਅਤੇ ਮਿਹਨਤ ਦੀ ਮੰਗ ਕਰਦੀ ਹੈ। ਜਦ ਸਾਧਨਾ, ਹਿੰਮਤ ਅਤੇ ਮਿਹਨਤ ਇੱਕ ਜੁੱਟ ਹੋ ਤੁਰਦੀਆਂ ਹਨ, ਤਾਂ ਉਥੇ ਆਸਾਂ ਨੂੰ ਬੂਰ ਵੀ ਪੈਂਦਾ ਹੈ ਅਤੇ ਮਿਹਨਤ ਦਾ ਮੁੱਲ ਵੀ ਮੁੜਦਾ ਹੈ। ਦੂਜੀ ਗੱਲ ਇਹ ਵੀ ਧਿਆਨ ਮੰਗਦੀ ਹੈ, ਕਿ ਜਿਤਨੀ ਦੇਰ ਕਿਰਤ ਅਤੇ ਫ਼ਿਲਮ ਨਿਰਦੇਸ਼ਕ 'ਇੱਕ ਜੋਤ' ਨਹੀਂ ਹੁੰਦੇ, ਨਾ ਦਰਸ਼ਕ ਅਤੇ ਨਾ ਬਣਾਉਣ ਵਾਲ਼ੇ ਨੂੰ ਸੰਤੁਸ਼ਟੀ ਨਸੀਬ ਹੋਵੇਗੀ। ਇਸ ਫ਼ਿਲਮ ਦੇ ਵਿਸ਼ੇ ਬਾਰੇ, ਜਾਂ ਕਹਾਣੀ ਬਾਰੇ ਮੈਂ ਬਹੁਤਾ ਵਿਸਥਾਰ ਪੂਰਵਕ ਚਾਨਣਾ ਨਹੀਂ ਪਾਵਾਂਗਾ, ਕਿਉਂਕਿ ਜੇ ਦਰਸ਼ਕ ਖ਼ੁਦ ਮੂਵੀ ਦੇਖ ਕੇ ਕਹਾਣੀ ਅਤੇ ਵਿਸ਼ੇ ਦੀ ਪੜਚੋਲ਼ ਕਰੇ ਅਤੇ ਫ਼ੈਸਲਾ ਦੇਵੇ, ਤਾਂ ਇਹ ਰੀਤ ਸੋਨੇ 'ਤੇ ਸੁਹਾਗੇ ਦਾ ਕਾਰਜ ਕਰੇਗੀ। ਫ਼ਿਲਮ ਦਾ 'ਅਸਲ ਜੱਜ' ਤਾਂ ਦਰਸ਼ਕ ਹੀ ਹੋਣਾ ਚਾਹੀਦਾ ਹੈ, ਕਿਉਂਕਿ ਅੱਜ-ਕੱਲ੍ਹ ਦੇ 'ਵਿਕਾਊ ਜ਼ਮਾਨੇ' ਵਿੱਚ ਸਮੀਖਿਆ ਤਾਂ ਖਰੀਦੀ ਵੀ ਜਾ ਸਕਦੀ ਹੈ। ਅੱਜ-ਕੱਲ੍ਹ ਉਹ 'ਮਾਣ' ਵੀ ਰੱਖੇ ਜਾਂਦੇ ਨੇ ਕਿ ਅੱਧੀ ਤੇਰੀਆਂ ਮੁਲ੍ਹਾਜੇਦਾਰਾ, ਵੇ ਅੱਧੀ ਆਂ ਗ਼ਰੀਬ ਜੱਟ ਦੀ...। ਵਿਦੇਸ਼ਾਂ ਵਿੱਚੋਂ ਮਿਲ਼ਦੀ 'ਸਬਸਿਡੀ' ਸਾਡੀਆਂ ਪੰਜਾਬੀ ਫ਼ਿਲਮਾਂ ਨੂੰ ਘੁਣ ਬਣ ਕੇ ਚਿੰਬੜ ਚੁੱਕੀ ਹੈ ਅਤੇ ਦੈਂਤ ਵਾਂਗ ਨਿਘਾਰ ਵੱਲ ਧੂਹ ਰਹੀ ਹੈ।'ਬਦਲਾ ਜੱਟੀ ਦਾ' ਅਤੇ 'ਜੱਟ ਜਿਉਣਾ ਮੌੜ' ਵਰਗੀਆਂ ਬਹੁ-ਚਰਚਿਤ ਪੰਜਾਬੀ ਫ਼ਿਲਮਾਂ ਦੇ ਸਿਰਮੌਰ ਨਿਰਦੇਸ਼ਕ ਬਾਈ ਰਵਿੰਦਰ ਰਵੀ ਦੇ ਨਿਰਦੇਸ਼ਨ ਅਧੀਨ ਅਤੇ ਬਾਈ ਜੀਤ ਸਿੰਘ ਸੰਧੂ ਦੇ ਚਰਚਿਤ ਨਾਵਲ 'ਤੇ ਅਧਾਰਿਤ ਬਣੀ ਫ਼ਿਲਮ "ਬੁੱਕਲ਼ ਦੇ ਸੱਪ" ਮੈਂ ਯੂ-ਟਿਊਬ 'ਤੇ ਦੋ ਵਾਰ ਦੇਖੀ। ਇਸ ਫ਼ਿਲਮ ਦੀ ਨਾਇਕਾ ਕੰਵਲ (ਜੋਤ ਚਾਹਲ) ਆਪਣੇ ਪਤੀ ਰਣਜੀਤ (ਸੋਨਪ੍ਰੀਤ ਜਵੰਧਾ) ਨੂੰ ਬੇਪਨਾਂਹ ਮੁਹੱਬਤ ਕਰਦੀ ਹੈ। ਪਰ ਉਸ ਨੂੰ ਆਪਣੇ ਆਪ ਉੱਪਰ ਇੱਕ ਸ਼ਿਕਵਾ ਅਤੇ ਰੋਸਾ ਵੀ ਹੈ ਕਿ ਉਹ ਢਿੱਡੋਂ ਨਹੀਂ ਫੁੱਟੀ ਅਤੇ ਆਪਣੇ ਪਤੀ ਨੂੰ ਕੋਈ ਬੱਚਾ ਨਹੀਂ ਦੇ ਸਕੀ। ਰਿਸ਼ਤੇ ਪ੍ਰਤੀ ਇਮਾਨਦਾਰੀ ਅਤੇ ਫ਼ਰਜ਼ ਨੂੰ ਸਮਝਦਿਆਂ ਉਸ ਦੀ ਰੀਝ ਹੀ ਇਹ ਹੈ ਕਿ ਉਹਨਾਂ ਦੇ ਵਿਹੜੇ ਵਿੱਚ ਕੋਈ ਬਾਲ ਚਾਂਭੜ੍ਹਾਂ ਪਾਵੇ।

ਆਖਰ ਕੰਵਲ ਦੀ ਇਹ ਰੀਝ ਇੱਕ 'ਜਾਨੂੰਨ' ਅਤੇ ਫ਼ਿਰ 'ਪਾਗਲਪਨ' ਦਾ ਰੂਪ ਧਾਰਨ ਕਰ ਲੈਂਦੀ ਹੈ। ਉਹ ਆਪਣੇ ਪਤੀ ਉੱਪਰ ਦੂਜਾ ਵਿਆਹ ਕਰਵਾਉਣ ਲਈ ਦਬਾਅ ਪਾਉਣ ਲੱਗਦੀ ਹੈ। ਪਰ ਉਸ ਦਾ ਪਤੀ ਭਵਿੱਖ ਪ੍ਰਤੀ ਸੁਚੇਤ ਹੈ। ਉਹ ਭਲੀ-ਭਾਂਤ ਜਾਣੂੰ ਹੈ ਕਿ ਉਸ ਦਾ ਦੂਜਾ ਵਿਆਹ ਉਸ ਦੀ ਪਹਿਲੀ ਪਤਨੀ ਕੰਵਲ ਦੀ ਖ਼ੁਸ਼ਹਾਲ ਜ਼ਿੰਦਗੀ 'ਨਰਕ' ਬਣਾ ਦੇਵੇਗਾ। ਅਖ਼ੀਰ ਹੁੰਦਾ ਓਹੀ ਕੁਝ ਹੈ, ਜਿਸ ਦਾ ਕੰਵਲ ਦੇ ਪਤੀ ਰਣਜੀਤ ਨੂੰ ਡਰ ਸੀ। ਆਪਣੀ ਪਹਿਲੀ ਪਤਨੀ ਦੀ ਜ਼ਿਦ ਅੱਗੇ ਹਾਰ ਕੇ ਬੇਵੱਸ ਅਤੇ ਲਾਚਾਰ ਰਣਜੀਤ ਦੂਜਾ ਵਿਆਹ ਕਰਵਾ ਲੈਂਦਾ ਹੈ। ਫ਼ਿਰ 'ਸੌਂਕਣ' ਬਣੀ ਰਣਜੀਤ ਦੀ ਦੂਜੀ ਪਤਨੀ ਸਮੁੰਦਰੋ (ਕੁਲਵਿੰਦਰ ਕੌਰ) ਉਸ ਦੀ ਪਹਿਲੀ ਪਤਨੀ ਕੰਵਲ ਦਾ ਜਿਉਣਾ ਕਿਵੇਂ ਦੁੱਭਰ ਕਰਦੀ ਹੈ, ਫ਼ਿਲਮ ਦੇਖ ਕੇ ਹੀ ਪਤਾ ਲੱਗਦਾ ਹੈ। ਫ਼ਿਲਮ ਦੀ ਕਹਾਣੀ ਉਸ ਵੇਲ਼ੇ ਜ਼ਬਰਦਸਤ ਮੋੜ ਕੱਟਦੀ ਹੈ, ਜਦ ਰਣਜੀਤ ਦੀ ਦੂਜੀ ਪਤਨੀ ਦਾ ਰਿਸ਼ਤੇਦਾਰ 'ਬਲੌਰੀ' (ਨੀਟੂ ਪੰਧੇਰ) ਜਮਦੂਤ ਬਣ, ਸ਼ਾਂਤ ਮਾਹੌਲ ਵਿੱਚ ਆ ਡਿੱਗਦਾ ਅਤੇ "ਮਾਣਸ-ਬੂ - ਮਾਣਸ-ਬੂ" ਕਰਦਾ ਫ਼ਿਰਦਾ ਹੈ। ਇਸ ਫ਼ਿਲਮ ਵਿੱਚ ਸ਼ਰੀਕੇਬਾਜ਼ੀ ਦਾ ਸਿਖ਼ਰ ਬਲੌਰੀ ਦੀ ਕਮੀਨਗੀ ਭਰੀ ਕਾਰਗੁਜ਼ਾਰੀ ਹੈ। ਰਣਜੀਤ ਦੀ ਦੂਜੀ ਪਤਨੀ ਸਮੁੰਦਰੋ ਚੁੜੇਲ ਬਿਰਤੀ ਵਾਲ਼ੀ ਕੁਪੱਤੀ ਔਰਤ ਹੈ। ਚਤਰ ਅਤੇ ਕਮੀਨਾਂ ਬਲੌਰੀ ਕਿਵੇਂ ਉਸ ਨੂੰ ਆਪਣੇ ਜਾਲ਼ ਵਿੱਚ ਫ਼ਸਾ ਕੇ ਜਿਸਮਾਨੀ ਅਤੇ ਆਰਥਿਕ ਤੌਰ 'ਤੇ ਵਰਤਦਾ ਹੈ, ਇਹ ਸ਼ਰੀਕੇਬਾਜ਼ੀ ਅਤੇ ਕਮੀਨਗੀ ਦੀ 'ਹੱਦ' ਹੈ। ਕਲਾਕਾਰ ਕਿਸੇ ਵੀ ਫ਼ਿਲਮ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਇਸ ਫ਼ਿਲਮ ਵਿੱਚ ਸਾਰੇ ਕਲਾਕਾਰ ਠੂੰਹੇਂ ਦੇ ਡੰਗ ਵਰਗੇ ਨੇ। ਸਾਰੀ ਫ਼ਿਲਮ ਸੋਨਪ੍ਰੀਤ ਜਵੰਧਾ ਅਤੇ ਜੋਤ ਚਾਹਲ ਦੁਆਲ਼ੇ ਘੁੰਮਦੀ ਹੈ ਅਤੇ ਬਿਨਾ ਸ਼ੱਕ ਉਹਨਾਂ ਨੇ ਇਹਨਾਂ ਕਿਰਦਾਰਾਂ ਵਿੱਚ ਜਾਨ ਪਾ ਦਿੱਤੀ। ਕਾਮਰੇਡ ਦਾ ਰੋਲ ਹੌਬੀ ਧਾਲ਼ੀਵਾਲ਼ ਅਤੇ ਉਸ ਦੀ ਪਤਨੀ ਦਾ ਕਿਰਦਾਰ ਮੈਡਮ ਕੁਲਵੰਤ ਖ਼ੁਰਮੀਂ ਨੇ ਬਾ-ਕਮਾਲ ਨਿਭਾਅ ਕੇ ਆਪਣੀ ਪ੍ਰਤਿਭਾ ਦਾ ਸਬੂਤ ਦਿੱਤਾ। ਬਲੌਰੀ ਦਾ ਕਿਰਦਾਰ ਨੀਟੂ ਪੰਧੇਰ ਨੇ ਬਾਖ਼ੂਬੀ ਨਿਭਾਹਿਆ ਹੈ। ਇੱਕ ਗੱਲ ਨੀਟੂ ਪੰਧੇਰ ਬਾਰੇ ਜ਼ਰੂਰ ਲਿਖਾਂਗਾ। ਨੀਟੂ ਪੰਧੇਰ ਪੰਜਾਬੀ ਫ਼ਿਲਮਾਂ ਦਾ 'ਗੱਬਰ ਸਿੰਘ' ਹੈ। ਉਸ ਦੀ ਕਲਾ ਬਾ-ਕਮਾਲ ਅਤੇ ਸ਼ਾਨਦਾਰ ਹੈ। ਉਹ ਆਪਣੇ ਕਿਰਦਾਰ ਨੂੰ ਜਿਉਂਦਾ ਹੈ। ਪਰ ਬੇਹੱਦ ਅਫ਼ਸੋਸ ਨਾਲ਼ ਕਹਿਣਾ ਪੈ ਰਿਹਾ ਹੈ ਕਿ ਉਸ ਦੀ ਕਲਾ ਦੀ ਪੰਜਾਬੀ ਫ਼ਿਲਮ ਇੰਡਸਟਰੀ ਨੇ ਉੱਕਾ ਕਦਰ ਨਹੀਂ ਪਾਈ। ਜੇ ਹਿੰਦੀ ਅਤੇ ਪੰਜਾਬੀ ਫ਼ਿਲਮ ਇੰਡਸਟਰੀ ਨੀਟੂ ਪੰਧੇਰ ਨੂੰ ਮੌਕਾ ਦੇਵੇ, ਤਾਂ ਮੈਂ ਦਾਅਵੇ ਨਾਲ਼ ਕਹਿਣ ਨੂੰ ਤਿਆਰ ਹਾਂ ਕਿ ਆਪਣੀ ਕਲਾ ਦਾ ਪ੍ਰਦਰਸ਼ਨ ਕਰਨ ਵਿੱਚ ਉਹ ਪੂਰਾ ਸਮਰੱਥ ਕਲਾਕਾਰ ਹੈ। ਫ਼ਿਲਮ ਵਿੱਚ ਸੀਰੀ ਦਾ ਭਾਵਨਾਤਮਿਕ ਕਿਰਦਾਰ ਕੁਲਦੀਪ ਨਿਆਮੀਂ ਨੇ ਨਿਭਾਅ ਕੇ ਆਪਣੀ ਕਲਾ ਦਾ ਲੋਹਾ ਮੰਨਵਾਇਆ। ਪਰ ਸਭ ਤੋਂ ਅਲੱਗ ਤਰ੍ਹਾਂ ਦਾ ਰੋਲ ਨੀਟੂ ਪੰਧੇਰ ਨੇ 'ਬਲੌਰੀ' ਦਾ ਅਤੇ ਕੁਲਵਿੰਦਰ ਕੌਰ ਨੇ 'ਸਮੁੰਦਰੋ' ਦਾ ਕਰ ਕੇ ਇਹ ਦਰਸਾ ਦਿੱਤਾ ਕਿ ਇੱਕ ਰਵਾਇਤੀ ਕਲਾਕਾਰੀ ਨਾਲ਼ੋਂ 'ਸੁਭਾਇਕੀ' ਕੀਤੀ ਕਲਾਕਾਰੀ ਕਿੰਨੀ ਜਾਨਦਾਰ ਅਤੇ ਵਜ਼ਨਦਾਰ ਹੁੰਦੀ ਹੈ। ਫ਼ਿਲਮ "ਬੁੱਕਲ਼ ਦੇ ਸੱਪ" ਯੂ-ਟਿਊਬ ਉੱਪਰ ਉਪਲੱਬਧ ਹੈ। ਪਰ ਇਹ ਗੱਲ ਕਹਿਣ ਤੋਂ ਵੀ ਸੰਕੋਚ ਨਹੀਂ ਕਰਾਂਗਾ ਕਿ ਇਹ ਫ਼ਿਲਮ ਤੁਸੀਂ ਆਪਣੇ ਪ੍ਰੀਵਾਰ ਨਾਲ ਬੈਠ ਕੇ ਨਹੀਂ ਦੇਖ ਸਕਦੇ, ਕਿਉਂਕਿ ਇਸ ਵਿੱਚ ਕੁਝ 'ਬੋਲਡ' ਅਤੇ ਕੁਝ ਇਤਰਾਜ਼ਯੋਗ ਦ੍ਰਿਸ਼ ਪਾਏ ਗਏ ਹਨ। ਫ਼ਿਲਮ ਦਾ ਨਿਚੋੜ ਤਾਂ ਇਹ ਦਰਸਾਉਂਦਾ ਹੈ ਕਿ ਜਦ ਆਫ਼ਰੇ ਸ਼ਰੀਕ, ਗਲ਼ ਥਾਣੀਂ ਪਜਾਮਾ ਲਾਹੁੰਣੋਂ ਬਾਜ ਨਾ ਆਉਣ, ਤਾਂ ਆਖਰ ਹਥਿਆਰ ਨੂੰ ਹੱਥ ਪਾਉਣ ਤੋਂ ਇਲਾਵਾ ਬੰਦੇ ਕੋਲ਼ ਹੋਰ ਕੋਈ ਚਾਰਾ ਹੀ ਨਹੀਂ ਰਹਿ ਜਾਂਦਾ। ਇੱਕ ਘਾਗ ਨਿਰਦੇਸ਼ਕ ਰਵਿੰਦਰ ਰਵੀ ਦੇ ਪੀਠੇ ਦਾ ਛਾਨਣਾ ਕੀ...? ਬਾਈ ਰਵਿੰਦਰ ਰਵੀ ਅਤੇ ਨਿਰਮਾਤਾ ਸਵਰਨ ਸਿੰਘ ਵਧਾਈ ਦੇ ਪਾਤਰ ਹਨ, ਜਿੰਨ੍ਹਾਂ ਨੇ ਇੱਕ ਵੱਖਰਾ ਵਿਸ਼ਾ ਲੈ ਕੇ ਫ਼ਿਲਮ ਬਣਾਉਣ ਲਈ ਦਿਲ ਕੱਢਿਆ।




ARES
LENDING
Residential | Commercial | Investment
ਆਪਣਾ ਘਰ Re-Finance ਜਾਂ ਖ਼ਰੀਦਣਾ
Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ
ਤਾਂ ARES LANDING Assist ਕਰ ਸਕਦੀ ਹੈ :
SBA Loan
SBA LOAN
FHA Loan
FHA LOAN
CONVENTIONAL LOAN
CONVENTIONAL LOAN
Commercial Loan
PRIVATE LOAN
PRIVATE LOAN
VA HOME LOANS
VA LOAN
ਜੇਕਰ ਤੁਸੀਂ Veteran ਹੋ America ਦੇ ਤਾਂ
ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ
Contact (TONY SINGH ) For More INFO at : (916) 519-7009
DRE#: 01901843 | NMLS: 823070 | DRE# 02188764 | NMLS# 2402240
TRS LDA SERVICES COMPANY
DRE# 02188764 | LDA# 2022-001
Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY
ਕੋਲ ਹੈ Credit Repair ਦਾ ਹਰ ਹੱਲ
Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ
ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ
ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ
ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200

**Now Open New Banquet Hall in Sacramento**

*For more info: Contact Paul : (916)334-6000*




# SONNY DHALIWAL

## for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday |11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 |(209) 505-6384
Address : 119. Maple AVe, Suite A Manteca, CA 95336


ਪ੍ਰੇਮ ਵਿਆਹ | ਸੌਤਨ ਦੁਸ਼ਮਨ ਤੋਂ ਛੁਟਕਾਰਾ
ਕੰਮ- ਕਾਰੋਬਾਰ 'ਚ ਰੁਕਾਵਟ | ਵਿਦੇਸ਼ ਯਾਤਰਾ ਜਾਂ PR 'ਚ ਰੁਕਾਵਟ
ਕਰਜ਼ਾ ਮੁਕਤੀ | ਗ੍ਰਹਿ ਕਲੇਸ਼ ਤੋਂ ਛੁਟਕਾਰਾ | ਪਤੀ -ਪਤਨੀ 'ਚ ਅਣਬਣ
ਕੀਤਾ ਕਰਾਇਆ | ਜਾਦੂ - ਟੂਣਾ | ਕੋਰਟ ਕੇਸ ਤੋਂ ਮੁਕਤੀ
ਲਾਟਰੀ ਦੇ ਲੱਕੀ ਨੰਬਰ ਪਾਓ | ਬਿਜ਼ਨਸ 'ਚ ਘਾਟਾ
Legal Documents
ਵਸ਼ੀਕਰਨ ਕਰਵਾਉਣਾ ਜਾਂ ਤੁੜਵਾਉਣ
ਪਿਆਰ 'ਚ ਧੋਖਾ ਖਾ ਚੁੱਕੇ ਪ੍ਰੇਮੀ -ਪ੍ਰੇਮਿਕਾ ਇੱਕ ਵਾਰ ਜ਼ਰੂਰ ਅਜ਼ਮਾਉਣ
ਕਾਲੇ ਜਾਦੂ ਵਰਗੀਆਂ ਸਮੱਸਿਆਂਵਾਂ ਦਾ ਜੜ ਤੋਂ ਖ਼ਾਤਮਾ
PANDIT SHARON
Contact (209) 629-6397
35 ਸਾਲ ਦਾ ਤਜ਼ਰਬਾ

Gillson
TRUCKING INC



# NOW Hiring
# Truck Drivers
# Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: $**0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com

## Get in Touch:

gillsontrucking
gillsontrucking
company/gillsontrucking
www.teamgillson.com





# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

**ਸੰਪਰਕ: +1 (209) 303-1260**